ਐਤਵਾਰ ਸੈਪਸ਼ਲ

ਲੋਕ ਬਾਣੀ

ਐਤਵਾਰ, 23 ਫਰਵਰੀ 2025

# ਢਾਡੀ ਪਰੰਪਰਾ ਨੂੰ ਸਮਰਪਿਤ ਗਿਆਨੀ ਹਰਭਜਨ ਸਿੰਘ ਰੰਗੀਲਾ ਦਾ ਢਾਡੀ ਜਥਾ

ਪੁਰਾਤਨ ਕਿਸੇ ਸੰਭਾਲਣੇ, ਸੰਸਕ੍ਰਿਤੀ, ਪ੍ਰਾਕਿਰਤੀ ਅਤੇ ਸੱਭਿਆਚਾਰ ਨੂੰ ਸਾਂਭਣ ਦਾ ਕੰਮ ਢਾਡੀ ਕਰਦੇ ਸਨ। ਸ੍ਰੀ ਗੁਰੂ ਨਾਨਕ ਦੇਵ ਜੀ ਆਪਣੇ ਆਪ ਨੂੰ ਢਾਡੀ ਤਸਲੀਮ ਕਰਦੇ ਸਨ "ਹਉ ਢਾਡੀ ਬੇਕਾਰ ਕਾਰੇ ਲਾਇਆ" ਆਪ ਨੇ ਆਪਣੇ ਆਪ ਨੂੰ ਨਿਰੰਕਾਰ ਦਾ ਢਾਡੀ ਮੰਨਿਆ ਹੈ। ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਆਪਣੇ ਪਿਤਾ ਜੀ ਦੀ ਸ਼ਹਾਦਤ ਤੋਂ ਬਾਅਦ ਕੌਮ ਵਿੱਚ ਬੀਰ ਰਸ ਪੈਦਾ ਕਰਨ ਲਈ ਉਸ ਸਮੇਂ ਦੇ ਨਾਮਵਰ ਢਾਡੀ ਨਥਮਲ ਅਤੇ ਅਬਦੁਲ ਨੂੰ ਅਕਾਲ ਤਖ਼ਤ 'ਤੇ ਮਾਣ ਦਿੱਤਾ ਹੈ। ਉਦੋਂ ਤੋਂ ਹੀ ਢਾਡੀਆਂ ਨੇ ਆਪਣੇ ਆਪ ਨੂੰ ਗੁਰੂ ਪ੍ਰਤੀ ਸਮਰਪਿਤ ਕਰ ਦਿੱਤਾ। ਗੁਰੂ ਗੋਬਿੰਦ ਸਿੰਘ ਜੀ ਵੇਲੇ ਵੀ ਢਾਡੀ ਮੁਸ਼ਕੀ ਤੇ ਤਬੀਲਾ ਹੋਏ ਹਨ। ਗੁਰੂ ਸਾਹਿਬ ਦਾ ਇਹ ਹੁਕਮਨਾਮਾ ਕਿ ਜਿੱਥੇ ਮੇਰਾ ਢਾਡੀ ਕੀਰਤਨ ਕਰੇਗਾ ਉੱਥੇ ਮੈਂ ਖੁਦ ਹੋਵਾਂਗਾ। ਸੰਗਤਾਂ ਇਨਾਂ ਦਾ ਵੱਧ ਤੋਂ ਵੱਧ ਸਨਮਾਨ ਕਰਨ। ਇਹ ਗੁਰੂ ਸਾਹਿਬ ਜੀ ਦੀ ਢਾਡੀਆਂ ਪ੍ਰਤੀ ਇੱਕ ਵੱਡੀ ਉਦਾਰਤਾ ਅਤੇ ਅਸੀਸ ਹੈ। ਇਹ ਵਿਚਾਰ ਢਾਡੀ ਹਰਭਜਨ ਸਿੰਘ ਰੰਗੀਲਾ ਨੇ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਸਾਂਝੇ ਕੀਤੇ।




ਢਾਡੀ ਪਰੰਪਰਾ ਨੂੰ ਅੱਗੇ ਤੋਰਦਿਆਂ ਗੱਲ ਕਰੀਏ ਤਾਂ ਅੱਜ ਢਾਡੀ ਜਗਤ ਵਿੱਚ ਢਾਡੀ ਹਰਭਜਨ ਸਿੰਘ ਰੰਗੀਲਾ ਦਾ ਜਿਕਰਯੋਗ ਨਾਮ ਹੈ। ਅੱਜ ਸਿੱਖਰ 'ਤੇ ਹੈ ਹਰਭਜਨ ਸਿੰਘ ਰੰਗੀਲੇ ਦਾ ਢਾਡੀ ਜਥਾ। ਦਮਦਾਰ ਅਤੇ ਜੋਸ਼ ਭਰੀ ਆਵਾਜ਼ ਦਾ ਨਾਂ ਹੈ ਹਰਭਜਨ ਸਿੰਘ ਰੰਗੀਲਾ। ਹਰਭਜਨ ਸਿੰਘ ਰੰਗੀਲਾ ਦਾ ਪਿਛੋਕੜ ਜਿਲਾ ਮੋਹਾਲੀ ਦਾ ਪਿੰਡ ਜੰਡਪੁਰ ਹੈ। ਸੰਨ 1981 ਤੋਂ ਢਾਡੀ ਕਲਾ ਨੂੰ ਸਮਰਪਿਤ ਗਿਆਨੀ ਹਰਭਜਨ ਸਿੰਘ ਦਾ ਜਥਾ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਦੀਆਂ ਧਾਰਮਿਕ ਸਟੇਜਾਂ ਰਾਹੀ ਸੰਗਤਾਂ ਅਤੇ ਨਵੀਂ ਪੀੜੀ ਨੂੰ ਇਤਿਹਾਸ ਬਾਰੇ ਜਾਣੂੰ ਕਰਵਾਉਂਦਾ ਆ ਰਿਹਾ ਹੈ। ਗਿਆਨੀ ਹਰਭਜਨ ਸਿੰਘ ਰੰਗੀਲਾ ਨੇ ਬਤੌਰ ਲੇਖਕ ਵੀ ਇਸ ਖੇਤਰ 'ਚ ਪਛਾਣ ਬਣਾਈ ਹੈ। ਉਸ ਦੀਆਂ ਲਿਖਤ ਕਵਿਤਾਵਾਂ ਨੂੰ ਕਈ ਪ੍ਰਸਿੱਧ ਢਾਡੀ ਜਿਨਾਂ 'ਚ ਮਲਕੀਤ ਸਿੰਘ ਪਪਰਾਲੀ, ਸੁਖਜਿੰਦਰ ਸਿੰਘ ਚੰਗਿਆੜਾ, ਗੁਰਨਾਮ ਸਿੰਘ ਮੋਹੀ ਆਦਿ ਜਥੇ ਕਵਿਤਾਵਾਂ ਨੂੰ ਪ੍ਰਸੰਗ ਸਾਹਿਤ ਆਪਣੀਆਂ ਸਟੇਜਾਂ ਉੱਤੇ ਗਾਉਣ ਦਾ ਮਾਣ ਹਸਿਲ ਹੈ। ਇਸ ਸਮੇਂ ਹਰਭਜਨ ਸਿੰਘ ਦੇ ਢਾਡੀ ਜਥੇ ਦੇ ਮੈਂਬਰਾਂ 'ਚ ਢੋਲਕ ਮਾਸਟਰ ਅੱਛਰ ਸਿੰਘ ਖਰੜ, ਢੱਡਵਾਦਕ ਰਘਵੀਰ ਸਿੰਘ ਬੱਲੀ ਅਤੇ ਤੇਜਪਾਲ ਸਿੰਘ ਭਜੋਲੀ ਸੁਰਾਂ ਦੇ ਸਾਗਰ ਨਾਲ ਜੋਸ਼ ਪੈਦਾ ਕਰਦੇ ਹਨ। ਜਲਦੀ ਹੀ ਹਰਭਜਨ ਸਿੰਘ ਰੰਗੀਲੇ ਦਾ ਜਥਾ ਇੱਕ ਧਾਰਮਿਕ ਸ਼ਿੰਗਲ ਟਰੈਕ ਸੰਗਤਾਂ ਦੀ ਝੋਲੀ ਪਾਉਣਗੇ।



ਕਾਲਾ ਸਿੰਘ ਸੈਣੀ
56, ਸਵਰਾਜ ਨਗਰ, ਖਰੜ, ਮੋਹਾਲੀ।





ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਐਤਵਾਰ, 22 ਫਰਵਰੀ 2025
Email:- lokbani08@gmail.com





R. N. I. Punpun/29016/2008 * ਸਾਲ 16 , * ਅੰਕ : 2489 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181–2211009 * M : 99155-94111




## ਵਿਜੈ ਮਾਲਿਆ ਨੇ ਬਰਤਾਨੀਆ 'ਚ ਦੀਵਾਲੀਆ ਹੁਕਮ ਰੱਦ ਕਰਨ ਦੀ ਮੰਗ ਕੀਤੀ

ਲੰਡਨ, ਲੋਕ ਬਾਣੀ-ਸੰਕਟ 'ਚ ਘਿਰੇ ਕਾਰੋਬਾਰੀ ਵਿਜੈ ਮਾਲਿਆ ਨੇ ਕਿਹਾ ਕਿ ਭਾਰਤ ਦੀ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਾਮਨ ਦੇ ਸੰਸਦ ਵਿੱਚ ਹਾਲੀਆ ਬਿਆਨ ਦੇ ਮੱਦੇਨਜ਼ਰ ਭਾਰਤੀ ਬੈਂਕਾਂ ਵੱਲੋਂ ਬਰਤਾਨੀਆ ਦੀਆਂ ਅਦਾਲਤਾਂ 'ਚ ਉਸ ਖ਼ਿਲਾਫ਼ ਜਾਰੀ ਦੀਵਾਲੀਆ ਕਾਰਵਾਈ ਦੀ ਵੈਧਤਾ ਨਹੀਂ ਰਹੀ ਅਤੇ ਉਸ ਨੇ ਆਪਣੇ ਵਕੀਲਾਂ ਨੂੰ ਇਸ ਨੂੰ ਰੱਦ ਕਰਨ ਸਬੰਧੀ



ਅਰਜ਼ੀ ਅੱਗੇ ਵਧਾਉਣ ਦੀ ਹਦਾਇਤ ਕੀਤੀ ਹੈ।

## ਰਿਜ਼ਰਵ ਬੈਂਕ ਦੇ ਸਾਬਕਾ ਗਵਰਨਰ ਸ਼ਕਤੀਕਾਂਤ ਦਾਸ ਨੂੰ ਪ੍ਰਧਾਨ ਮੰਤਰੀ ਦਾ ਦੂਜਾ ਮੁੱਖ ਸਕੱਤਰ ਨਿਯੁਕਤ ਕੀਤਾ

ਨਵੀਂ ਦਿੱਲੀ ਲੋਕ ਬਾਣੀ- ਸਰਕਾਰ ਨੇ ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਦੇ ਸਾਬਕਾ ਗਵਰਨਰ ਸ਼ਕਤੀਕਾਂਤ ਦਾਸ ਨੂੰ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਦੂਜਾ ਮੁੱਖ ਸਕੱਤਰ ਨਿਯੁਕਤ ਕੀਤਾ ਹੈ। ਇੱਕ ਅਧਿਕਾਰਤ ਹੁਕਮ 'ਚ ਇਹ ਜਾਣਕਾਰੀ ਦਿੱਤੀ ਗਈ। ਗੁਜਰਾਤ ਕਾਡਰ ਦੇ ਸੇਵਾਮੁਕਤ ਆਈਏਐੱਸ ਅਧਿਕਾਰੀ ਪੀ.ਕੇ. ਮਿਸ਼ਰਾ ਮੌਜੂਦਾ ਸਮੇਂ ਪ੍ਰਧਾਨ ਮੰਤਰੀ ਦੇ ਮੁੱਖ ਸਕੱਤਰ ਵਜੋਂ



ਸੇਵਾਵਾਂ ਨਿਭਾਅ ਰਹੇ ਹਨ।

## ਕੇਂਦਰੀ ਮੰਤਰੀ ਨੇ ਜਹਾਜ਼ ਦੀ 'ਟੁੱਟੀ ਅਤੇ ਦਬੀ' ਸੀਟ 'ਤੇ ਬੈਠ ਕੇ ਕੀਤਾ ਸਫ਼ਰ, ਏਅਰ ਇੰਡੀਆ ਦੀ ਨਿੰਦਾ ਕੀਤੀ

ਭੋਪਾਲ, ਲੋਕ ਬਾਣੀ-ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਸ਼ਨਿੱਚਰਵਾਰ ਨੂੰ ਟੁੱਟੀ ਅਤੇ ਦਬੀ ਸੀਟ ਅਲਾਟ ਕਰਨ ਲਈ ਨੂੰ ਏਅਰ ਇੰਡੀਆ ਦੀ ਨਿੰਦਾ ਕੀਤੀ। ਉਨ੍ਹਾਂ ਇਸਨੂੰ ਅਨੈਤਿਕ ਕਰਾਰ ਦਿੰਦਿਆ ਕਿਹਾ ਏਅਰਲਾਈਨ ਯਾਤਰੀਆਂ ਤੋਂ ਪੂਰਾ ਕਿਰਾਇਆ ਵਸੂਲਦੀ ਹੈ ਅਤੇ ਫਿਰ ਉਨ੍ਹਾਂ ਨੂੰ ਨੁਕਸਾਨੀਆਂ ਸੀਟਾਂ 'ਤੇ ਬੈਠਣ ਲਈ ਮਜਬੂਰ ਕਰਦੀ ਹੈ। ਚੌਹਾਨ



ਨੇ 'ਐਕਸ' 'ਤੇ ਆਪਣਾ ਅਨੁਭਵ ਸਾਂਝਾ ਕੀਤਾ

## ਉੜੀਸਾ ਦੀ ਯੂਨੀਵਰਸਿਟੀ 'ਚ ਨੇਪਾਲੀ ਵਿਦਿਆਰਥਣ ਦੀ ਮੌਤ ਮਾਮਲੇ 'ਚ ਨਿਰਪੱਖ ਜਾਂਚ ਹੋਵੇ: ਆਰਜ਼ੂ ਰਾਣਾ ਦਿਓਬਾ


ਕਾਠਮੰਡੂ, ਲੋਕ ਬਾਣੀ- ਨੇਪਾਲ ਦੀ ਵਿਦੇਸ਼ ਮੰਤਰੀ ਆਰਜ਼ੂ ਰਾਣ ਦਿਓਬਾ ਨੇ ਉੜੀਸਾ ਦੀ ਇਕ ਯੂਨੀਵਰਸਿਟੀ 'ਚ ਇੱਕ ਨੇਪਾਲੀ ਵਿਦਿਆਰਥਣ ਪ੍ਰਕ੍ਰਿਤੀ ਲਮਸਾਲ ਦੀ ਮੌਤ ਦੀ 'ਨਿਰਪੱਖ ਜਾਂਚ' ਅਤੇ ਦੋਸ਼ੀਆਂ ਖ਼ਿਲਾਫ਼ ਸਖਤ ਕਾਨੂੰਨੀ ਕਾਰਵਾਈ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਇੰਜਨੀਅਰਿੰਗ ਦੀ 20 ਵਰ੍ਹਿਆਂ ਦੀ ਵਿਦਿਆਰਥਣ ਦੀ 16 ਫਰਵਰੀ ਨੂੰ ਕਥਿਤ ਖ਼ੁਦਕੁਸ਼ੀ ਮਗਰੋਂ ਨੇਪਾਲੀ



ਵਿਦਿਆਰਥੀਆਂ ਨਾਲ ਬਦਸਲੂਕੀ ਕਰਨ ਵਾਲੇ ਦੇ ਮੁਅੱਤਲ ਸਟਾਫ਼ ਨੂੰ ਨੌਕਰੀ ਤੋਂ ਬਰਖਾਸਤ ਕਰਨ ਦੀ ਮੰਗ ਵੀ ਕੀਤੀ।

## ਸੁਰੱਖਿਆ ਬਲਾਂ ਨੇ ਜੰਮੂ-ਕਸ਼ਮੀਰ ਦੇ ਰਿਆਸੀ ਜ਼ਿਲ੍ਹੇ 'ਚੋਂ ਭਾਰੀ ਆਸਲ੍ਹਾ ਕੀਤਾ ਬਰਾਮਦ

ਰਿਆਸੀ (ਜੰਮੂ-ਕਸ਼ਮੀਰ) ਲੋਕ ਬਾਣੀ ਸੁਰੱਖਿਆ ਬਲਾਂ ਨੇ ਰਿਆਸੀ ਜ਼ਿਲ੍ਹੇ ਦੇ ਮਹੋਰ ਦੇ ਸਿੰਬਲੀ ਸ਼ਜਰੂ ਖੇਤਰ ਵਿਚ ਇਕ ਅੱਤਵਾਦੀ ਟਿਕਾਣੇ ਦਾ ਪਰਦਾਫਾਸ਼ ਕੀਤਾ ਹੈ। ਟਿਕਾਣੇ ਤੋਂ ਹੇਠ ਲਿਖੀਆਂ ਚੀਜ਼ਾਂ ਜ਼ਬਤ ਕੀਤੀਆਂ ਗਈਆਂ ਹਨ - 4 ਮੈਗਜ਼ੀਨ (ਇਕ ਭਰਿਆ ਹੋਇਆ, ਤਿੰਨ ਖਾਲੀ), 268 ਕਾਰਤੂਸ ਏਕੇ -47 ਰਾਈਫਲ ਗੋਲਾ ਬਾਰੂਦ, 4 ਅੰਡਰ ਬੈਰਲ ਗ੍ਰੇਨੇਡ



ਲਾਂਚਰ ਅਤੇ 4 ਪੈਕੇਟ ਡੈਟੋਨੇਟਰ ਅਤੇ ਹੋਰ ਬਹੁਤ ਕੁਝ ਲੱਭਣ ਲਈ ਖੇਤਰ ਵਿਚ ਤਲਾਸ਼ੀ ਮੁਹਿੰਮ ਜਾਰੀ ਹੈ।

## ਅਟਾਰੀ ਸਰਹੱਦ ਰਸਤੇ ਪਾਕਿਸਤਾਨ ਨੇ 22 ਭਾਰਤੀ ਕੈਦੀ ਰਿਹਾਅ ਕੀਤੇ


ਅਟਾਰੀ , ਲੋਕ ਬਾਣੀ- ਭਾਰਤ-ਪਾਕਿਸਤਾਨ ਦੇਸ਼ਾਂ ਦਰਮਿਆਨ ਹੋਏ ਸਮਝੌਤਿਆਂ ਤਹਿਤ ਅੱਜ ਪਾਕਿਸਤਾਨ ਨੇ ਆਪਣੀਆਂ ਵੱਖ-ਵੱਖ ਜੇਲ੍ਹਾਂ ਵਿਚ ਬੰਦ 22 ਗਵਾਂਢੀ ਮੁਲਕ ਦੇ ਕੈਦੀਆਂ ਨੂੰ ਅੱਜ ਦੇਰ ਰਾਤ ਪਾਕਿਸਤਾਨ ਤੋਂ ਅਟਾਰੀ ਸਰਹੱਦ ਰਸਤੇ ਭਾਰਤ ਲਈ



ਰਿਹਾਅ ਕਰ ਦਿੱਤਾ ਗਿਆ ਹੈ।

## ਕਰੇਨ ਦੀ ਲਪੇਟ 'ਚ ਆਉਣ ਕਾਰਨ ਮਜ਼ਦੂਰ ਦੀ ਮੌਤ

ਜਲੰਧਰ, ਲੋਕ ਬਾਣੀ- ਫੋਕਲ ਪੁਆਇੰਟ 'ਤੇ ਕੰਮ ਤੋਂ ਪਰਤ ਰਹੇ ਮਜ਼ਦੂਰ ਦੀ ਕਰੇਨ ਦੀ ਲਪੇਟ 'ਚ ਆਉਣ ਕਾਰਨ ਮੌਤ ਹੋ ਗਈ। ਮਜ਼ਦੂਰ ਫੋਕਲ ਪੁਆਇੰਟ ਸਥਿਤ ਫੈਕਟਰੀ ਵਿੱਚ ਕੰਮ ਕਰਦਾ ਸੀ। ਮ੍ਰਿਤਕ ਦੀ ਪਛਾਣ ਦਿਨੇਸ਼ ਨਿਸ਼ਾਦ ਵਾਸੀ ਆਜ਼ਮਗੜ੍ਹ, ਉੱਤਰ ਪ੍ਰਦੇਸ਼ ਵਜੋਂ ਹੋਈ ਹੈ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਫੋਕਲ ਪੁਆਇੰਟ ਚੌਂਕੀ ਦੀ ਪੁਲੀਸ ਮੌਕੇ 'ਤੇ ਪਹੁੰਚ ਗਈ। ਪੁਲੀਸ ਨੇ ਲਾਸ਼ ਨੂੰ ਪੋਸਟ ਮਾਰਟਮ ਲਈ ਸਿਵਲ ਹਸਪਤਾਲ



ਜਲੰਧਰ ਭੇਜ ਦਿੱਤਾ ਹੈ। ਕਰੇਨ ਚਾਲਕ ਨੂੰ ਵੀ ਪੁਲੀਸ ਨੇ ਹਿਰਾਸਤ ਵਿੱਚ ਲੈ ਲਿਆ ਹੈ। ਪੁਲੀਸ ਨੇ ਮ੍ਰਿਤਕ ਦੇ ਵਾਰਸਾਂ ਦੇ ਬਿਆਨ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਕਾਰਾਂ ਦੀ ਆਹਮੋ-ਸਾਹਮਣੀ ਟੱਕਰ ਕਾਰਨ ਪਤੀ-ਪਤਨੀ ਦੀ ਮੌਤ, 9 ਜ਼ਖਮੀ

ਫਗਵਾੜਾ, ਲੋਕ ਬਾਣੀ --ਫਗਵਾੜਾ- ਹੁਸ਼ਿਆਰਪੁਰ ਹਾਈਵੇ 'ਤੇ ਵੀਰਵਾਰ ਦੇਰ ਰਾਤ ਢੰਡੇ ਮੋੜ ਨੇੜੇ ਵਾਪਰੇ ਇਕ ਸੜਕ ਹਾਦਸੇ 'ਚ ਬਜ਼ੁਰਗ ਜੋੜੇ ਦੀ ਮੌਤ ਹੋ ਗਈ ਅਤੇ 9 ਲੋਕ ਜ਼ਖਮੀ ਹੋ ਗਏ। ਥਾਣਾ ਸਦਰ ਦੇ ਐੱਸਐੱਚਓ ਦਿਲਬਾਗ ਸਿੰਘ ਅਨੁਸਾਰ ਮ੍ਰਿਤਕਾਂ ਦੀ ਪਛਾਣ ਮੁਖਤਿਆਰ ਸਿੰਘ (70) ਅਤੇ ਉਨ੍ਹਾਂ ਦੀ ਪਤਨੀ ਧਰਮ ਕੌਰ ਦੋਵੇਂ ਵਾਸੀ ਫਗਵਾੜਾ ਨੇੜਲੇ ਪਿੰਡ ਜਗਜੀਤਪੁਰ ਵਜੋਂ ਹੋਈ ਹੈ।ਉਨ੍ਹਾਂ ਦੱਸਿਆ ਕਿ ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਮੁਖਤਿਆਰ ਸਿੰਘ



ਆਪਣੀ ਕਾਰ ਵਿੱਚ ਇੱਕ ਵਿਆਹ ਸਮਾਗਮ ਤੋਂ ਘਰ ਪਰਤ ਰਿਹਾ ਸੀ। ਜਦ ਉਹ ਢੰਡੇ-ਮੋੜ ਨੇੜੇ ਪਹੁੰਚੇ ਤਾਂ ਫਗਵਾੜਾ ਵਾਲੇ ਪਾਸੇ ਤੋਂ ਆ ਰਹੀ ਇੱਕ ਕਾਰ ਨੇ ਉਨ੍ਹਾਂ ਦੀ ਗੱਡੀ ਨੂੰ ਟੱਕਰ ਮਾਰ ਦਿੱਤੀ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਗੂਗਲ ਪੇਅ ਰਾਹੀਂ 4500 ਰੁਪਏ ਰਿਸ਼ਵਤ ਲੈਣ ਵਾਲਾ ਹੌਲਦਾਰ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ



ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਕਾਰਵਾਈ ਦੌਰਾਨ, ਪੁਲਿਸ ਥਾਣਾ ਡਿਵੀਜ਼ਨ-5, ਜਲੰਧਰ ਵਿਖੇ ਤਾਇਨਾਤ ਇੱਕ ਪੁਲਿਸ ਹੌਲਦਾਰ ਕੁਲਵਿੰਦਰ ਸਿੰਘ (2153/ਕਮਿਸ਼ਨਰੇਟ) ਨੂੰ 4500 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ।ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ, ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਮਾਮਲਾ ਭਾਰਗੋ ਕੈਂਪ, ਜਲੰਧਰ ਦੇ ਰਹਿਣ ਵਾਲੇ ਇੱਕ ਵਿਅਕਤੀ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਆਨਲਾਈਨ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿਹਾ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਪੁਲਿਸ ਥਾਣੇ ਵਿੱਚ ਉਸ ਵਿਰੁੱਧ ਇੱਕ ਪੁਲਿਸ ਕੇਸ ਦਰਜ ਸੀ, ਪਰ ਉਕਤ ਪੁਲਿਸ ਮੁਲਾਜ਼ਮ ਨੇ ਬਿਨਾਂ ਕਿਸੇ ਦਸਤਾਵੇਜ਼ੀ ਕਾਰਵਾਈ ਤੋਂ ਸ਼ਿਕਾਇਤਕਰਤਾ ਦਾ ਮੋਬਾਈਲ ਫੋਨ ਆਪਣੇ ਕੋਲ ਰੱਖ ਲਿਆ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ ਪੁਲਿਸ ਕਰਮਚਾਰੀ ਉਸਦਾ ਫੋਨ ਵਾਪਸ ਕਰਨ ਅਤੇ ਮੁਕੱਦਮੇ ਵਿੱਚ ਉਸਦੀ ਮਦਦ ਕਰਨ ਬਦਲੇ 10000 ਰੁਪਏ ਦੀ ਮੰਗੇ ਸੀ ਅਤੇ ਪੈਸੇ ਨਾ ਦੇਣ ਦੀ ਸੂਰਤ ਵਿੱਚ ਸ਼ਿਕਾਇਤਕਰਤਾ ਖਿਲਾਫ ਸਾਈਬਰ ਅਪਰਾਧ ਤਹਿਤ ਇੱਕ ਹੋਰ ਕੇਸ ਦਰਜ ਕਰਨ ਦੀ ਧਮਕੀ ਵੀ ਦੇ ਰਿਹਾ ਸੀ। ਸ਼ਿਕਾਇਤ ਅਨੁਸਾਰ ਇਸ ਪੁਲਿਸ ਮੁਲਾਜ਼ਮ ਨੇ ਗੂਗਲ ਪੇਅ ਰਾਹੀਂ 4500 ਰੁਪਏ ਲਏ ਸਨ ਅਤੇ 5500 ਰੁਪਏ ਹੋਰ ਮੰਗ ਰਿਹਾ ਸੀ ਹਾਲਾਂਕਿ ਉਸ ਦਾ ਤਬਾਦਲਾ ਕਿਸੇ ਹੋਰ ਥਾਂ ਹੋ ਚੁੱਕਾ ਸੀ।

ਵਜੀਲੈਂਸ ਬਿਊਰੋ ਵੱਲੋਂ ਕੀਤੀ ਗਈ ਜਾਂਚ ਦੌਰਾਨ, ਇਸ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ ਸਹੀ-ਵ-ਦਰੁਸਤ ਸਾਬਤ ਹੋਏ। ਇਸ ਤੋਂ ਬਾਅਦ ਹੌਲਦਾਰ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 13(2) ਦੇ ਨਾਲ-ਨਾਲ 13(1) ਏ ਅਤੇ ਬੀਐਨਐਸ ਦੀ ਧਾਰਾ 308(2), 308(3), 316(5), 336(2), 336(3), 340(2) ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਇੱਕ ਸਾਲ ਵਿੱਚ 90,000 ਤੋਂ ਵੱਧ ਸਕੂਲੀ ਵਿਦਿਆਰਥੀਆਂ ਵੱਲੋਂ ਛੱਤਬੀੜ ਚਿੜੀਆਘਰ ਦਾ ਦੌਰਾ




ਚੰਡੀਗੜ੍ਹ, (ਲੋਕ ਬਾਣੀ) ਸੂਬੇ ਦੇ ਜੰਗਲੀ ਜੀਵਾਂ ਬਾਰੇ ਜਾਣਨ ਦੀ ਵਿਦਿਆਰਥੀਆਂ ਦੀ ਤੀਬਰ ਇੱਛਾ ਅਤੇ ਵਧਦੀ ਦਿਲਚਸਪੀ ਨੂੰ ਦੇਖਦਿਆਂ ਸਟੂਡੈਂਟ ਜ਼ੂ ਕਲੱਬ ਅਧੀਨ ਛੱਤਬੀੜ ਚਿੜੀਆਘਰ ਵਿੱਚ ਆਉਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਿੱਚ ਹੈਰਾਨੀਜਨਕ ਵਾਧਾ ਦੇਖਣ ਨੂੰ ਮਿਲਿਆ ਹੈ।

ਵਿਭਾਗ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸਖ਼ਤ ਯਤਨਾਂ ਅਤੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਕੀਤੇ ਗਏ ਅਨੇਰਾਂ ਉਪਰਾਲਿਆਂ ਸਦਕਾ ਕੁੱਲ 939 ਸਰਕਾਰੀ ਸਕੂਲਾਂ ਦੇ ਨਾਲ-ਨਾਲ 403 ਪ੍ਰਾਈਵੇਟ ਸਕੂਲਾਂ ਨੇ ਮਹਿੰਦਰ ਚੌਧਰੀ ਜ਼ੂਓਲੌਜੀਕਲ ਪਾਰਕ, ਜਿਸਨੂੰ ਛੱਤਬੀੜ ਚਿੜੀਆਘਰ ਵਜੋਂ ਵੀ ਜਾਣਿਆ ਜਾਂਦਾ ਹੈ, ਦਾ ਦੌਰਾ ਕੀਤਾ ਹੈ।


ਦੱਸਣਯੋਗ ਹੈ ਕਿ ਇਹ ਦੌਰੇ 22 ਅਪ੍ਰੈਲ, 2024 ਅਤੇ 18 ਜਨਵਰੀ, 2025 ਦੇ ਵਿਚਕਾਰ ਕੀਤੇ ਗਏ ਸਨ, ਜਿਸ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ 50,294 ਅਤੇ ਨਿੱਜੀ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ 39,876 ਸੀ।ਇਹ ਵੱਡੀ ਗਿਣਤੀ ਪੰਜਾਬ ਦੀ ਨੌਜਵਾਨ ਪੀੜ੍ਹੀ ਵਿੱਚ ਸੂਬੇ ਦੇ ਜੰਗਲੀ ਜੀਵਾਂ ਤੋਂ ਇਲਾਵਾ ਵਿਭਿੰਨ ਬਨਸਪਤੀ ਅਤੇ ਜੀਵ-ਜੰਤੂਆਂ ਬਾਰੇ ਵਧ ਰਹੀ ਉਤਸੁਕਤਾ ਅਤੇ ਸੂਬਾ ਸਰਕਾਰ ਵੱਲੋਂ ਜੰਗਲੀ ਜਾਨਵਰਾਂ ਪ੍ਰਤੀ ਹਮਦਰਦੀ ਦੀ ਭਾਵਨਾ ਪੈਦਾ ਕਰਨ ਲਈ ਚੁੱਕੇ ਗਏ ਵਿਸ਼ੇਸ਼ ਕਦਮਾਂ ਨੂੰ ਦਰਸਾਉਂਦੀ ਹੈ ਕਿਉਂਕਿ ਇਹ ਜੰਗਲੀ ਜੀਵ ਵੀ ਕੁਦਰਤ ਦਾ ਇੱਕ ਮਹੱਤਵਪੂਰਨ ਹਿੱਸਾ ਹਨ।

# ਤਰਨ ਤਾਰਨ ਚ ਪੁਲਿਸ ਤੇ ਬਦਮਾਸ਼ਾਂ ਵਿਚਾਲੇ ਗੋਲੀਬਾਰੀ



(ਲੋਕ ਬਾਣੀ) ਤਰਨ ਤਾਰਨ ਦੇ ਵਿਧਾਨ ਸਭਾ ਹਲਕਾ ਪੱਟੀ ਦੇ ਪਿੰਡ ਤੂਤ ਭੰਗਾਲਾ ਵਿਖੇ ਪੁਲਿਸ ਵਲੋਂ ਮੋਟਰਸਾਈਕਲ 'ਤੇ ਜਾ ਰਹੇ ਤਿੰਨ ਨੌਜਵਾਨਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਮੋਟਰਸਾਇਕਲ ਸਵਾਰ ਨੌਜਵਾਨਾਂ ਨੇ ਪੁਲਿਸ ਪਾਰਟੀ 'ਤੇ ਫਾਇਰਿੰਗ ਕਰ ਦਿੱਤੀ। ਪੁਲਿਸ ਨੇ ਜਵਾਬੀ ਕਾਰਵਾਈ ਦੇ ਵਿਚ 2 ਨੌਜਵਾਨਾਂ ਦੀਆਂ ਲੱਤਾਂ 'ਚ ਗੋਲੀਆਂ ਮਾਰੀਆਂ। ਗੋਲੀ ਲੱਗਣ ਕਾਰਨ ਦੋਵੇਂ ਨੌਜਵਾਨ ਜ਼ਖਮੀ ਹੋ ਗਏ। ਫੜੇ ਗਏ ਬਦਮਾਸ਼ਾਂ ਦੀ ਪਛਾਣ ਵਲਟੋਹਾ ਵਾਸੀ ਲਵਪ੍ਰੀਤ ਸਿੰਘ, ਥਾਣਾ ਮੱਲਾ ਵਾਲਾ ਦੇ ਪਿੰਡ ਲੋਹਕਾ ਨਿਵਾਸੀ ਲਵਪ੍ਰੀਤ ਸਿੰਘ ਅਤੇ ਪਿੰਡ ਠੱਠਾ ਨਿਵਾਸੀ ਮਹਿਕਪ੍ਰੀਤ ਸਿੰਘ ਵਜੋਂ ਹੋਈ ਹੈ।

# ਗੈਂਗਸਟਰ ਜੱਗੂ ਭਗਵਾਨਪੁਰੀਆ ਇਕ ਹੋਰ ਮਾਮਲੇ ਚ ਬਰੀ, ਠੋਸ ਸਬੂਤ ਨਾਂ ਹੋਣ ਕਾਰਨ ਅਦਾਲਤ ਨੇ ਲਿਆ ਫੈਸਲਾ



ਚੰਡੀਗੜ੍ਹ-(ਲੋਕ ਬਾਣੀ) ਗੈਂਗਸਟਰ ਜਗਦੀਪ ਸਿੰਘ ਉਰਫ ਜੱਗੂ ਭਗਵਾਨਪੁਰੀਆ ਨੂੰ ਇੱਕ ਹੋਰ ਮਾਮਲੇ ਵਿੱਚ ਬਰੀ ਕਰ ਦਿੱਤਾ ਗਿਆ ਹੈ। ਵਧੀਕ ਸੈਸ਼ਨ ਜੱਜ ਦੀ ਅਦਾਲਤ ਨੇ ਇਹ ਫੈਸਲਾ ਸੁਣਾਇਆ। ਇਹ ਕੇਸ ਮੱਤੇਵਾਲ ਪੁਲੀਸ ਨੇ ਦਸੰਬਰ 2012 ਵਿੱਚ ਐਨਡੀਪੀਐਸ ਐਕਟ ਤਹਿਤ ਦਰਜ ਕੀਤਾ ਸੀ।ਜਾਣਕਾਰੀ ਦਿੰਦੇ ਹੋਏ ਜੱਗੂ ਭਗਵਾਨਪੁਰੀਆ ਦੇ ਵਕੀਲ ਅਮਨਦੀਪ ਸਿੰਘ ਪਾਹਵਾ ਨੇ ਦੱਸਿਆ ਕਿ ਮੱਤੇਵਾਲ ਪੁਲਿਸ ਨੇ 2012 ਵਿੱਚ ਉਸਦੇ ਖਿਲਾਫ ਇੱਕ ਐਫ.ਆਈ.ਆਰ. ਦਰਜ ਕੀਤੀ ਸੀ, ਪੁਲਿਸ ਨੇ ਜੱਗੂ ਦੇ ਖੁਲਾਸੇ ਦੇ ਆਧਾਰ ਤੇ 700 ਗ੍ਰਾਮ ਪਾਬੰਦੀਸ਼ੁਦਾ ਨਸ਼ੀਲਾ ਪਦਾਰਥ ਬਰਾਮਦ ਕਰਨ ਦਾ ਦਾਅਵਾ ਕੀਤਾ ਸੀ। ਹਾਲਾਂਕਿ ਪੁਲਿਸ ਅਦਾਲਤ ਵਿੱਚ ਕੋਈ ਵੀ ਠੋਸ ਸਬੂਤ ਪੇਸ਼ ਨਹੀਂ ਕਰ ਸਕੀ, ਜਿਸ ਨਾਲ ਦੋਸ਼ ਸਾਬਤ ਹੋ ਸਕਣ।

ਵਕੀਲ ਨੇ ਕਿਹਾ ਕਿ ਇਹ ਮਾਮਲਾ ਝੂਠੀ ਕਹਾਣੀ ਦੇ ਆਧਾਰ ਤੇ ਦਰਜ ਕੀਤਾ ਗਿਆ ਸੀ, ਜਿਸ ਚ ਕਈ ਕਮੀਆਂ ਪਾਈਆਂ ਗਈਆਂ ਸਨ। ਅਦਾਲਤ ਨੇ ਕੇਸ ਵਿੱਚ ਪੇਸ਼ ਸਬੂਤਾਂ ਵਿੱਚ ਖਾਮੀਆਂ ਨੂੰ ਦੇਖਦੇ ਹੋਏ ਜੱਗੂ ਭਗਵਾਨਪੁਰੀਆ ਨੂੰ ਬਰੀ ਕਰ ਦਿੱਤਾ ਹੈ।

# ਪੰਜਾਬ ਪੁਲਿਸ ਨੇ ਗੈਂਗਸਟਰ ਗੋਲਡੀ ਢਿੱਲੋਂ ਵੱਲੋਂ ਚਲਾਏ ਜਾ ਰਹੇ ਮਿੱਥ ਕੇ ਹੱਤਿਆ ਕਰਨ ਵਾਲੇ ਗਿਰੋਹ ਦਾ ਕੀਤਾ ਪਰਦਾਫਾਸ਼ ; 5 ਪਿਸਤੌਲਾਂ ਅਤੇ ਨਸ਼ੀਲੀਆਂ ਗੋਲੀਆਂ.

ਚੰਡੀਗੜ੍ਹ/ਪਟਿਆਲਾ,(ਲੋਕ ਬਾਣੀ):ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਰਾਜ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਤਹਿਤ ਪਟਿਆਲਾ ਪੁਲਿਸ ਨੇ ਵਿਦੇਸ਼ੀ ਗੈਂਗਸਟਰ ਗੋਲਡੀ ਢਿੱਲੋਂ ਦੁਆਰਾ ਚਲਾਏ ਜਾ ਰਹੇ ਟਾਰਗੈਟ ਕਿਲਿੰਗ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਰਾਜਪੁਰਾ ਤੋਂ ਗ੍ਰਿਫ਼ਤਾਰ ਕਰਕੇ ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁੱਕਰਵਾਰ ਨੂੰ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਲਕੀਤ ਸਿੰਘ ਉਰਫ਼ ਮੈਕਸ, ਜੋ ਕਿ ਅਜਨਾਲਾ, ਅੰਮ੍ਰਿਤਸਰ ਦੇ ਪਿੰਡ ਰੋਡਾਲਾ ਦਾ ਰਹਿਣ ਵਾਲਾ ਹੈ ਅਤੇ ਮੌਜੂਦਾ ਸਮੇਂ ਫਤਿਹਗੜ੍ਹ ਸਾਹਿਬ ਦੇ ਪਿੰਡ ਸੇਮਪਾਲੀ ਵਿੱਚ ਰਹਿੰਦਾ ਹੈ ਅਤੇ ਸੰਦੀਪ ਸਿੰਘ ਉਰਫ਼ ਦੀਪ, ਜੋ ਕਿ ਫਤਿਹਗੜ੍ਹ ਸਾਹਿਬ ਦੇ ਸਰਹਿੰਦ ਦਾ ਰਹਿਣ ਵਾਲਾ ਹੈ, ਵਜੋਂ ਹੋਈ ਹੈ।

ਪੁਲਿਸ ਟੀਮਾਂ ਨੇ ਫੜੇ ਗਏ ਮੁਲਜ਼ਮਾਂ ਦੇ ਕਬਜ਼ੇ ਚੋਂ ਪੰਜ ਪਿਸਤੌਲ ਜਿੰਨ੍ਹਾਂ ਵਿੱਚ ਤਿੰਨ .32 ਕੈਲੀਬਰ, ਇੱਕ .30 ਕੈਲੀਬਰ ਅਤੇ ਇੱਕ .315 ਕੈਲੀਬਰ ਦੇਸੀ ਕੱਟਾ ਸ਼ਾਮਲ ਹਨ ਸਮੇਤ 15 ਕਾਰਤੂਸ ਅਤੇ 1300 ਨਸ਼ੀਲੀਆਂ ਗੋਲੀਆਂ ਵੀ ਬਰਾਮਦ ਕੀਤੀਆਂ ਹਨ, ਇਸ ਤੋਂ ਇਲਾਵਾ ਉਨ੍ਹਾਂ ਦਾ ਕਾਲੇ ਰੰਗ ਦਾ ਹੌਂਡਾ ਐਕਟਿਵਾ ਸਕੂਟਰ (ਪੀਬੀ 23 ਏਏ 0795) ਵੀ ਜ਼ਬਤ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਜ਼ਬਰਨ ਵਸੂਲੀ ਨਾਲ ਸਬੰਧਤ ਦੋ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਸਨ ਅਤੇ ਉਨ੍ਹਾਂ ਦੇ ਹੈਂਡਲਰ ਗੋਲਡੀ ਢਿੱਲੋਂ ਨੇ ਉਨ੍ਹਾਂ ਨੂੰ ਮੋਹਾਲੀ ਅਤੇ ਰਾਜਪੁਰਾ ਵਿੱਚ ਮਿੱਥ ਕੇ ਹੱਤਿਆ ਕਰਨ ਦਾ ਕੰਮ ਸੌਂਪਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਇਨ੍ਹਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ, ਅਸਲਾ ਐਕਟ, ਇਰਾਦਾ ਕਤਲ , ਜ਼ਬਰਨ ਵਸੂਲੀ, ਡਕੈਤੀ, ਲੁੱਟ-ਖੋਹ ਆਦਿ ਕਈ ਮਾਮਲੇ ਦਰਜ ਹਨ।



ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ -ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਆਸ ਹੈ।

ਆਪਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ.ਐਸ.ਪੀ.) ਪਟਿਆਲਾ ਨਾਨਕ ਸਿੰਘ ਨੇ ਕਿਹਾ ਕਿ ਸਪੈਸ਼ਲ ਸੈੱਲ ਰਾਜਪੁਰਾ ਦੀਆਂ ਪੁਲਿਸ ਟੀਮਾਂ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਗੈਂਗਸਟਰ ਗੋਲਡੀ ਢਿੱਲੋਂ ਦੇ ਦੋ ਕਾਰਕੁਨ ਸਰਹਿੰਦ-ਰਾਜਪੁਰਾ ਸੜਕ 'ਤੇ ਕਿਸੇ ਨੂੰ ਨਸ਼ੀਲੀਆਂ ਗੋਲੀਆਂ ਪਹੁੰਚਾਉਣ ਜਾ ਰਹੇ ਹਨ, ਜਿਸ ਤੋਂ ਬਾਅਦ, ਉਨ੍ਹਾਂ ਨੇ ਰਾਜਪੁਰਾ ਵਿੱਚ ਇੱਕ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਜਾਣਾ ਸੀ।

ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਸਪੈਸ਼ਲ ਸੈੱਲ ਰਾਜਪੁਰਾ ਨੇ ਇੰਸਪੈਕਟਰ ਹੈਰੀ ਬੋਪਾਰਾਏ ਦੀ ਅਗਵਾਈ ਵਿੱਚ ਖੁਫੀਆ ਜਾਣਕਾਰੀ 'ਤੇ ਅਧਾਰਤ ਕਾਰਵਾਈ ਸ਼ੁਰੂ ਕੀਤੀ ਅਤੇ ਦੋਵਾਂ ਮੁਲਜ਼ਮਾਂ ਨੂੰ ਹਥਿਆਰਾਂ ਅਤੇ ਨਸ਼ੀਲੇ ਪਦਾਰਥ ਾਂ ਸਮੇਤ ਗ੍ਰਿਫਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ।ਐਸ.ਐਸ.ਪੀ. ਨੇ ਦੱਸਿਆ ਕਿ ਦੋ ਪ੍ਰਮੁੱਖ ਵਿਅਕਤੀ, ਜਿਨ੍ਹਾਂ ਨੂੰ ਵਿਦੇਸ਼ੀ ਗੈਂਗਸਟਰਾਂ ਤੋਂ ਧਮਕੀ ਭਰੇ ਫੋਨ ਵੀ ਆਏ ਸਨ, ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਨਿਸ਼ਾਨੇ 'ਤੇ ਸਨ। ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।ਜ਼ਿਕਰਯੋਗ ਹੈ ਕਿ ਇਸ ਸਬੰਧੀ ਕੇਸ ਐਫਆਈਆਰ ਨੰ. 13 ਮਿਤੀ 19/2/2025 ਨੂੰ ਪਟਿਆਲਾ ਦੇ ਪੁਲਿਸ ਸਟੇਸ਼ਨ ਸਦਰ ਰਾਜਪੁਰਾ ਵਿਖੇ ਐਨਡੀਪੀਐਸ ਐਕਟ ਦੀ ਧਾਰਾ 22 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਦਰਜ ਕੀਤਾ ਗਿਆ ਹੈ।

# ਇੰਡੀਆਜ਼ ਗੌਟ ਲੇਟੈਂਟ ਵਿਵਾਦ ਮਾਮਲੇ ਵਿੱਚ ਰਾਖੀ ਸਾਵੰਤ ਨੂੰ ਸੰਮਨ ਜਾਰੀ




(ਲੋਕ ਬਾਣੀ) ਇੰਡੀਆਜ਼ ਗੌਟ ਲੇਟੈਂਟ ਕੇਸ ਵਿਚ ਮਹਾਰਾਸ਼ਟਰ ਸਾਈਬਰ ਸੈੱਲ ਨੇ ਰਾਖੀ ਸਾਵੰਤ ਨੂੰ ਸੰਮਨ ਭੇਜਿਆ ਹੈ। ਰਾਖੀ ਸਾਵੰਤ ਨੂੰ ਮਹਾਰਾਸ਼ਟਰ ਸਾਈਬਰ ਨੇ 27 ਫਰਵਰੀ ਨੂੰ ਆਪਣਾ ਬਿਆਨ ਦਰਜ ਕਰਨ ਲਈ ਬੁਲਾਇਆ ਹੈ। 24 ਫਰਵਰੀ ਨੂੰ ਆਸ਼ੀਸ਼ ਚੰਚਲਾਨੀ ਅਤੇ ਰਣਵੀਰ ਇਲਾਹਾਬਾਦੀਆ ਨੂੰ ਆਪਣੇ ਬਿਆਨ ਦਰਜ ਕਰਨ ਲਈ ਬੁਲਾਇਆ ਗਿਆ ਸੀ। ਸਮੈ ਰੈਨਾ ਨੇ 17 ਮਾਰਚ ਤੱਕ ਦਾ ਸਮਾਂ ਮੰਗਿਆ, ਜਿਸ ਨੂੰ ਮਹਾਰਾਸ਼ਟਰ ਸਾਈਬਰ ਨੇ ਦੇਣ ਤੋਂ ਇਨਕਾਰ ਕਰ ਦਿੱਤਾ। ਇਹ ਜਾਣਕਾਰੀ ਯਸ਼ਸਵੀ ਯਾਦਵ, ਆਈ. ਜੀ., ਮਹਾਰਾਸ਼ਟਰ ਸਾਈਬਰ ਵਲੋਂ ਸਾਂਝੀ ਕੀਤੀ ਗਈ।

# ਵਿਜੀਲੈਂਸ ਬਿਊਰੋ ਨੇ 5000 ਰੁਪਏ ਰਿਸ਼ਵਤ ਲੈਂਦਿਆਂ PSPCL ਦੇ ਜੇ.ਈ. ਨੂੰ ਰੰਗੇ ਹੱਥੀਂ ਕੀਤਾ ਕਾਬੂ

ਚੰਡੀਗੜ੍ਹ, (ਲੋਕ ਬਾਣੀ) ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਜੂਨੀਅਰ ਇੰਜੀਨੀਅਰ (ਜੇ.ਈ.) ਮਨੋਜ ਕੁਮਾਰ ਨੂੰ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕੇਸ ਸ਼ਿਕਾਇਤਕਰਤਾ ਨਿਊ ਅਮਰ ਨਗਰ, ਡਾਬਾ, ਲੁਧਿਆਣਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ, ਜੋ ਕਿ ਇੱਕ ਵੈਲਡਿੰਗ ਦੀ ਦੁਕਾਨ ਚਲਾਉਂਦਾ ਹੈ, ਨੇ ਦੱਸਿਆ ਕਿ ਉਸਦੀ ਪਤਨੀ ਨੇ ਨਿਊ ਅਮਰ ਨਗਰ ਵਿਖੇ ਇੱਕ ਦੋ ਮੰਜ਼ਿਲਾ ਘਰ ਖਰੀਦਿਆ ਸੀ ਅਤੇ ਉਹ ਇਸ ਘਰ ਦੀ ਪਹਿਲੀ ਮੰਜ਼ਿਲ ਤੇ ਇੱਕ ਛੋਟੀ ਫੈਕਟਰੀ ਲਗਾਉਣਾ ਚਾਹੁੰਦਾ ਸੀ, ਜਿਸ ਲਈ 10 ਕਿਲੋਵਾਟ ਦੇ ਵਪਾਰਕ ਬਿਜਲੀ ਮੀਟਰ ਦੀ ਜ਼ਰੂਰਤ ਸੀ।

ਸ਼ਿਕਾਇਤ ਮੁਤਾਬਕ, ਉਸਨੇ ਲੁਧਿਆਣਾ ਦੇ ਜਨਤਾ ਨਗਰ ਸਥਿਤ ਪੀ.ਐਸ.ਪੀ.ਸੀ.ਐਲ. ਦਫ਼ਤਰ ਵਿਖੇ ਨਵੇਂ ਮੀਟਰ ਲਈ ਅਰਜ਼ੀ ਦਿੱਤੀ ਅਤੇ ਲੋੜੀਂਦੀ ਫੀਸ ਜਮ੍ਹਾ ਕਰਵਾਈ। ਪੰਦਰਾਂ ਦਿਨਾਂ ਉਪਰੰਤ, ਉਕਤ ਜੇ.ਈ. ਮਨੋਜ ਕੁਮਾਰ ਨੇ ਜਗ੍ਹਾ ਦਾ ਦੌਰਾ ਕੀਤਾ ਅਤੇ ਫੁੱਟਕਲ ਖਰਚਿਆਂ ਲਈ ਉਸ ਤੋਂ 3,000 ਰੁਪਏ ਲਏ। ਇਸ ਤੋਂ ਬਾਅਦ ਜੇ.ਈ. ਨੇ 15,000 ਰੁਪਏ ਰਿਸ਼ਵਤ ਦੀ ਮੰਗ ਕਰਦਿਆਂ ਕਿਹਾ ਕਿ ਮੀਟਰ ਸਿਰਫ਼ ਰਿਸ਼ਵਤ ਦੇਣ ਤੋਂ ਬਾਅਦ ਹੀ ਲਗਾਇਆ ਜਾਵੇਗਾ।



ਬੁਲਾਰੇ ਨੇ ਦੱਸਿਆ ਕਿ ਜਦੋਂ ਸ਼ਿਕਾਇਤਕਰਤਾ 19 ਫਰਵਰੀ, 2025 ਨੂੰ ਮੀਟਰ ਲਗਾਉਣ ਦੇ ਸਬੰਧ ਵਿੱਚ ਦੁਬਾਰਾ ਪੀ.ਐਸ.ਪੀ.ਸੀ.ਐਲ. ਦਫ਼ਤਰ ਗਿਆ ਤਾਂ ਜੇ.ਈ. ਨੇ ਫਿਰ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਦੀ ਬੇਨਤੀ ਤੇ, ਉਕਤ ਜੇ.ਈ. 5,000 ਰੁਪਏ ਦੀ ਪੇਸ਼ਗੀ ਲੈਣ ਅਤੇ ਬਾਕੀ ਰਕਮ ਦੀ ਅਦਾਇਗੀ ਮੀਟਰ ਲਗਾਉਣ ਤੋਂ ਬਾਅਦ ਕਰਨ ਲਈ ਸਹਿਮਤ ਹੋ ਗਿਆ। ਫਿਰ ਜੇ.ਈ. ਨੇ ਸ਼ਿਕਾਇਤਕਰਤਾ ਨੂੰ ਰਿਸ਼ਵਤ ਦੇ ਭੁਗਤਾਨ ਲਈ ਦਫ਼ਤਰ ਬੁਲਾਇਆ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਉਪਰੰਤ ਲੁਧਿਆਣਾ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਪੀ.ਐਸ.ਪੀ.ਸੀ.ਐਲ. ਦਫ਼ਤਰ, ਜਨਤਾ ਨਗਰ, ਲੁਧਿਆਣਾ ਵਿਖੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਅ

ਇਸ ਸਬੰਧੀ ਜੇ.ਈ. ਮਨੋਜ ਕੁਮਾਰ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਸਟੇਸ਼ਨ, ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਪਟਿਆਲਾ ਪੁਲਿਸ ਨੇ ਸਪਾ ਸੈਂਟਰ ਚ ਚਲ ਰਹੇ ਦੇਹ ਵਪਾਰ ਧੰਦੇ ਦਾ ਕੀਤਾ ਪਰਦਾਫਾਸ਼, ਸੰਚਾਲਕ ਗ੍ਰਿਫ਼ਤਾਰ



ਪਟਿਆਲਾ-(ਲੋਕ ਬਾਣੀ) ਪਟਿਆਲਾ ਪੁਲਿਸ ਨੇ ਸਪਾ ਸੈਂਟਰ 'ਚ ਚੱਲ ਰਹੇ ਦੇਹ ਵਪਾਰ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਸਪਾ ਸੰਚਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪਟਿਆਲਾ ਪੁਲਿਸ ਵਲੋ ਦਰਜ 69♣ ਮੁਤਾਬਕ ਐਸ ਐਚ ਓ ਹਰਜਿੰਦਰ ਢਿੱਲੋਂ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਤਲਾਸ਼ ਸ਼ੱਕੀ ਤੇ ਭੇੜੇ ਪੁਰਸ਼ਾ ਦੇ ਸਬੰਧ ਵਿੱਚ ਨੇੜੇ ਪਾਰਕ ਹਸਪਤਾਲ ਨਵਾ ਬੱਸ ਸਟੈਂਡ ਪਟਿਆਲਾ ਕੋਲ ਮੋਜੂਦ ਸਨ। ਪੁਲਿਸ ਨੂੰ ਇਤਲਾਹ ਮਿਲੀ ਕਿ ਦੋਸ਼ੀ ਕਰਮਜੀਤ ਸਿੰਘ, ਜੋ ਕਿ ਪਿੰਡ ਥੇਹੜੀ ਵਿਖੇ 1♣™ ਦੇ ਨਾਮ ਪਰ ਸਪਾ ਸੈਂਟਰ ਚਲਾਉਂਦਾ ਹੈ ਅਤੇ ਥਾਈਲੈਂਡ ਤੋ ਲੜਕੀਆ (ਦਾਰੀਕਾ, ਜੂਲੀ, ਸਵੀਤੀ, ਜੀਨਾ, ਸੈਮੀ, ਗਿਪਸੀ, ਸੁਦਾ, ਸੋਫੀਆ, ਪੀਆ) ਮੰਗਵਾ ਕੇ ਜਿਸਮ ਫਰੋਸ਼ੀ ਦਾ ਧੰਦਾ ਕਰਾਉਦਾ ਹੈ ਅਤੇ ਇੱਕ ਹੋਰ ਦੋਸ਼ੀ ਜਤਿੰਦਰ ਸਿੰਘ ਵੀ ਪੰਜਾਬੀ ਯੂਨੀਵਰਸਿਟੀ ਪਟਿ. ਦੇ ਸਾਹਮਣੇ ਸਨਸ਼ਾਈਨ ਦੇ ਨਾਮ ਤੇ ਬਾਕੀ ਦੋਸ਼ਣਾ ਨਾਲ ਰਲ ਕੇ ਸਪਾ ਸੈਂਟਰ ਚਲਾਉਂਦਾ ਹੈ ਅਤੇ ਸੈਂਟਰ ਅੰਦਰ ਜਿਸਮ ਫਰੋਸੀ ਦਾ ਧੰਦਾ ਕਰਾਉਂਦਾ ਹੈ। ਪੁਲਿਸ ਰੇਡ ਕਰਨ ਤੇ ਦੋਸ਼ੀਆਨ ਨੂੰ ਕਾਬੂ ਕੀਤਾ। ਪਟਿਆਲਾ ਪੁਲਿਸ ਨੇ ਕੁੱਲ 24 ਵਿਅਕਤੀਆਂ ਤੇ ਧਾਰਾ ਫਿਰ U/S C,D,E,G Immoral Traffic Prevention Act ਲੱਗਾ ਅਗਲੀ ਕਰਵਾਈ ਸ਼ੁਰੂ ਕੀਤੀ ਹੈ। ਫਿਲਹਾਲ ਸਪਾ ਸੈਂਟਰਾਂ ਦੇ ਦੋਨੋਂ ਮਾਲਕ ਪੁਲਸ ਦੀ ਗ੍ਰਿਫਤਾਰ ਤੋਂ ਫਰਾਰ ਚੱਲ ਰਹੇ ਹਨ ।ਐਸਐਚਓ ਹਰਜਿੰਦਰ ਢਿੱਲੋ ਵੱਲੋਂ ਸ਼ੇਰ ਕਰਨਾ ਸੀ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਗਈ ਹੈ ਕਿ ਐਵੇਂ ਦਾ ਅਗਰ ਕੋਈ ਹੋਰ ਪਾਸ ਐਂਟਰ ਬਾਰੇ ਤੁਹਾਨੂੰ ਪਤਾ ਲੱਗਦਾ ਹੈ ਤਾਂ ਪੁਲਿਸ ਨੂੰ ਇਤਲਾਹ ਕੀਤਾ ਜਾਵੇ ਤਾਂ ਕਿ ਉਹਨਾਂ ਤੇ ਵੀ ਬਣਦੀ ਕਾਰਵਾਈ ਕੀਤੀ ਜਾਵੇ।

# ਪੰਜਾਬ ਪੁਲਿਸ ਵੱਲੋਂ ਦੋਸ਼ੀ ਹਰਮਨਦੀਪ ਦੇ ਬਿਆਨ ਦੇ ਆਧਾਰ ਤੇ 2 ਕਿਲੋਗ੍ਰਾਮ ਹੋਰ ਹੈਰੋਇਨ ਬਰਾਮਦ,ਕੁੱਲ ਬਰਾਮਦੀ 15 ਕਿਲੋਗ੍ਰਾਮ ਤੱਕ ਪਹੁੰਚੀ




ਅੰਮ੍ਰਿਤਸਰ, (ਲੋਕ ਬਾਣੀ)- ਪੰਜਾਬ ਪੁਲਿਸ ਵੱਲੋਂ 10 ਕਿਲੋਗ੍ਰਾਮ ਹੈਰੋਇਨ ਰਿਕਵਰੀ ਮਾਮਲੇ ਸਬੰਧੀ ਚੱਲ ਰਹੀ ਜਾਂਚ ਦੌਰਾਨ ਇੱਕ ਹੋਰ ਮਹੱਤਵਪੂਰਨ ਸਫਲਤਾ 'ਚ, ਕਾਊਂਟਰ ਇੰਟੈਲੀਜੈਂਸ (ਸੀ.ਆਈ.) ਅੰਮ੍ਰਿਤਸਰ ਨੇ ਦੋਸ਼ੀ ਹਰਮਨਦੀਪ ਸਿੰਘ ਵੱਲੋਂ ਦਿੱਤੇ ਗਏ ਬਿਆਨ ਦੇ ਅਧਾਰ 'ਤੇ ਪਿੰਡ ਬੋਪਾਰਾਏ ਬਾਜ ਸਿੰਘ ਵਿੱਚ ਨਹਿਰ ਦੇ ਨੇੜੇ ਛੁਪਾਈ ਗਈ 2 ਕਿਲੋਗ੍ਰਾਮ ਹੋਰ ਹੈਰੋਇਨ ਬਰਾਮਦ ਕੀਤੀ, ਜਿਸ ਨਾਲ ਕੁੱਲ ਜ਼ਬਤ ਕੀਤੀ ਹੈਰੋਇਨ 15 ਕਿਲੋਗ੍ਰਾਮ ਹੋ ਗਈ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਇਹ ਕਾਰਵਾਈ ਪੰਜਾਬ ਪੁਲਿਸ ਵੱਲੋਂ ਅੰਮ੍ਰਿਤਸਰ ਦੇ ਪਿੰਡ ਘੁੰਮਣਪੁਰਾ ਦੇ ਨਸ਼ਾ ਤਸਕਰ ਹਰਮਨਦੀਪ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਰੈਕੇਟ ਦਾ ਪਰਦਾਫਾਸ਼ ਕਰਨ ਅਤੇ ਉਸਦੇ ਕਬਜ਼ੇ ਵਿੱਚੋਂ 10 ਕਿਲੋ ਹੈਰੋਇਨ ਬਰਾਮਦ ਕਰਨ ਤੋਂ ਕੁਝ ਦਿਨਾਂ ਬਾਅਦ ਅਮਲ ਵਿੱਚ ਲਿਆਂਦੀ ਗਈ। ਮੁਲਜ਼ਮ ਹਰਮਨਦੀਪ ਦੇ ਖੁਲਾਸੇ ਤੇ ਇਹ ਦੂਜੀ ਵੱਡੀ ਬਰਾਮਦਗੀ ਹੈ। ਜ਼ਿਕਰਯੋਗ ਹੈ ਕਿ ਦੋ ਦਿਨ ਪਹਿਲਿਆਂ ਪੁਲਿਸ ਟੀਮਾਂ ਨੇ ਹਰਮਨਦੀਪ ਦੇ ਸਾਥੀ ਲਵਪ੍ਰੀਤ ਸਿੰਘ ਦੇ ਕਬਜ਼ੇ ਵਿੱਚੋਂ 3 ਕਿਲੋ ਹੈਰੋਇਨ ਬਰਾਮਦ ਕਰਨ ਤੋਂ ਬਾਅਦ ਉਸਨੂੰ ਵੀ ਗ੍ਰਿਫ਼ਤਾਰ ਕੀਤਾ ਸੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਦੌਰਾਨ, ਦੋਸ਼ੀ ਹਰਮਨਦੀਪ ਨੇ ਇੱਕ ਹੋਰ ਖੁਲਾਸਾ ਕੀਤਾ ਕਿ ਉਸਨੇ ਖੁਰਮਣੀਆਂ ਤੋਂ ਰਾਮ ਤੀਰਥ ਲਿੰਕ ਰੋਡ ਤੇ ਪਿੰਡ ਬੋਪਾਰਾਏ ਬਾਜ ਸਿੰਘ ਨੇੜੇ ਨਹਿਰ ਦੇ ਕੰਢੇ ਰੱਖੀ ਇੱਕ ਇੱਟ ਦੇ ਹੇਠਾਂ 2 ਕਿਲੋਗ੍ਰਾਮ ਹੋਰ ਹੈਰੋਇਨ ਛੁਪਾਈ ਸੀ। ਇਸ ਸੂਚਨਾ ਤੇ ਕਾਰਵਾਈ ਕਰਦਿਆਂ ਸੀਆਈ ਅੰਮ੍ਰਿਤਸਰ ਦੀਆਂ ਟੀਮਾਂ ਨੇ ਦੋਸ਼ੀ ਦੁਆਰਾ ਦੱਸੀ ਗਈ ਜਗ੍ਹਾ ਤੋਂ 2 ਕਿਲੋਗ੍ਰਾਮ ਹੈਰੋਇਨ ਦੀ ਖੇਪ ਬਰਾਮਦ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ।

ਡੀਜੀਪੀ ਨੇ ਕਿਹਾ ਕਿ ਬਰਾਮਦ ਕੀਤੀ ਹੈਰੋਇਨ ਪਾਕਿਸਤਾਨ ਤੋਂ ਤਸਕਰ ਕੀਤੀ ਗਈ ਵੱਡੀ ਖੇਪ ਦਾ ਹਿੱਸਾ ਹੈ ਜਿਸਨੂੰ ਪਾਕ-ਅਧਾਰਤ ਸਮਗਲਰ ਚਾਚਾ ਬਾਵਾ ਦੀ ਸਹਾਇਤਾ ਨਾਲ ਤਸਕਰ ਕੀਤਾ ਗਿਆ ਸੀ।

ਇਸ ਸਬੰਧੀ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 25 ਅਤੇ 29 ਤਹਿਤ ਐਫ.ਆਈ.ਆਰ. ਨੰਬਰ 8 ਮਿਤੀ 18.02.2025 ਨੂੰ ਦਰਜ ਕੀਤੀ ਗਈ ਸੀ। ਅਗਲੇਰੀ ਜਾਂਚ ਦੌਰਾਨ ਹੋਰ ਬਰਾਮਦਗੀ ਹੋਣ ਦੀ ਉਮੀਦ ਹੈ।

ਦੱਸਣਯੋਗ ਹੈ ਕਿ ਸੀ.ਆਈ. ਅੰਮ੍ਰਿਤਸਰ ਨੇ 2024 (1 ਜਨਵਰੀ, 2024 ਤੋਂ 31 ਦਸੰਬਰ, 2024) ਵਿੱਚ 29 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਉਪਰੰਤ ਕੁੱਲ 14 ਐਫ.ਆਈ.ਆਰਜ਼. ਦਰਜ ਕੀਤੀਆਂ ਹਨ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 153.6 ਕਿਲੋਗ੍ਰਾਮ ਹੈਰੋਇਨ, 4 ਕਿਲੋਗ੍ਰਾਮ ਆਈ.ਸੀ.ਈ. ਡਰੱਗ, 31.9 ਕਿਲੋਗ੍ਰਾਮ ਕੈਫੀਨ ਐਨਹਾਈਡ੍ਰਸ, 17 ਕਿਲੋਗ੍ਰਾਮ ਡੈਕਸਟ੍ਰੋਮੇਥੋਰਫਾਨ (ਡੀ.ਐਮ.ਆਰ.) ਅਤੇ 1.10 ਕਰੋੜ ਰੁਪਏ ਡਰੱਗ ਮਨੀ ਜ਼ਬਤ ਕੀਤੀ ਹੈ।

# ਪ੍ਰੋਜੈਕਟ ਅਮ੍ਰਿਤ ਦੇ ਦੁਆਰਾ ਸਾਫ਼ ਪਾਣੀ, ਸਾਫ਼ ਮੰਨ ਦੇ ਅੰਤਰਗਤ ਨਹਿਰਾਂ ਦੀ ਸਫਾਈ ਮੁਹਿਮ ਦਾ ਆਗਾਜ਼ 23 ਫਰਵਰੀ ਨੂੰ



ਫਗਵਾੜਾ, (ਸੁਸ਼ੀਲ ਸ਼ਰਮਾ) ਨਿਰੰਕਾਰੀ ਮਿਸ਼ਨ ਬ੍ਰਾਂਚ ਫਗਵਾੜਾ ਦੇ ਸੰਯੋਜਕ ਸ਼੍ਰੀ ਮਲਕੀਤ ਚੰਦ ਜੀ ਨੇ ਦੱਸਿਆ ਕੀ ਸੰਤ ਨਿਰੰਕਾਰੀ ਮਿਸ਼ਨ ਦੀ ਸੇਵਾ ਭਾਵਨਾ ਅਤੇ ਮਾਨਵ ਕਲਿਆਣ ਦੇ ਉਦੇਸ਼ ਨੂੰ ਸੱਚ ਕਰਨ ਲਈ ਪ੍ਰੋਜੈਕਟ ਅੰਮ੍ਰਿਤ ਦੇ ਦੁਆਰਾ ਸਾਫ ਪਾਣੀ, ਸਾਫ ਮਨ ਦੇ ਅੰਤਰਗਤ ਤੀਜੇ ਚਰਨ ਦਾ ਸ਼ੁੱਭ ਉਦਘਾਟਨ ਐਤਵਾਰ 23, ਫਰਵਰੀ 2025 ਨੂੰ ਪਰਮ ਸਤਿਕਾਰ ਯੋਗ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜ ਪਿਤਾ ਸ਼੍ਰੀ ਰਮੀਤ ਜੀ ਦੇ ਪਾਵਨ ਕਰਕਮਲਾ ਨਾਲ ਯਮੁਨਾ ਨਦੀ ਦੇ ਘਾਟ ਦਿੱਲੀ ਵਿਖੇ ਕੀਤਾ ਜਾਵੇਗਾ,

ਇਸ ਦਾ ਮੁੱਖ ਉਦੇਸ਼ ਪਾਣੀ ਨੂੰ ਸਾਫ ਅਤੇ ਸੰਭਾਲ ਲਈ ਜਾਗ੍ਰਿਤ ਕਰਨਾ ਹੈ,ਇਸ ਮੁਹਿਮ ਦੇ ਤਹਿਤ ਐਤਵਾਰ ਮਿਤੀ 23-02-2025 ਨੂੰ ਚਾਚੋਕੀ ਫਗਵਾੜਾ ਵਿਖੇ ਬਿਸਤ ਦੋਆਬ ਨਹਿਰ ਦੀ ਸਫਾਈ ਨਿਰੰਕਾਰੀ ਮਿਸ਼ਨ ਦੇ ਸੇਵਾਦਾਰਾਂ ਵੱਲੋ ਕੀਤੀ ਜਾਵੇਗੀ ਸੰਤ ਨਿਰੰਕਾਰੀ ਮੰਡਲ ਦੇ ਸੇਕ੍ਰੇਟਰੀ ਸ਼੍ਰੀ ਜੋਗਿੰਦਰ ਸੁਖੀਜਾ ਜੀ ਨੇ ਜਾਣਕਾਰੀ ਦੇਂਦੇ ਹੋਏ ਦੱਸਿਆ ਕੀ ਇਸ ਮੁਹਿਮ ਦੇ ਤਹਿਤ ਦੇਸ ਭਰ ਵਿਚ 27 ਰਾਜਾਂ ਅਤੇ ਕੇਂਦਰ ਸ਼ਾਸ਼ਿਤ ਰਾਜਾਂ ਦੇ ਤਕਰੀਬਨ 900 ਤੋਂ ਵੱਧ ਸ਼ਹਿਰਾਂ ਵਿਚ 1600 ਥਾਵਾਂ ਤੇ ਇਕੋ ਸਮੇ ਇਸ ਦਾ ਆਯੋਜਨ ਕੀਤਾ ਜਾ ਰਿਹਾ ਹੈ ਇਸ ਨਾਲ ਪਾਣੀ ਦੀ ਸਫਾਈ ਅਤੇ ਸੰਬਾਲ ਦਾ ਸੰਦੇਸ਼ ਜਿਆਦਾ ਵਧੀਆ ਢੰਗ ਨਾਲ ਲੋਕਾਂ ਤਕ ਪਹੁੰਚ ਸਕੇਗਾ

# ਡੇਂਗੂ ਜਾਗਰੂਕਤਾ ਮੁਹਿੰਮ ਅਧੀਨ ਸਕੂਲਾਂ ਵਿਚ ਵਿਸ਼ੇਸ਼ ਪ੍ਰੋਗਰਾਮ



ਫ਼ਗਵਾੜਾ-ਬੜਾ ਪਿੰਡ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਕਮਿਊਨਿਟੀ ਹੈਲਥ ਸੈਂਟਰ ਕੇਂਦਰ ਬੜਾ ਪਿੰਡ ਵੱਲੋਂ ਸਕੂਲਾਂ ਵਿੱਚ ਡੇਂਗੂ ਬਚਾਅ ਸੰਬੰਧੀ ਜਾਗਰੂਕਤਾ ਮੁਹਿੰਮ ਚਲਾਈ ਜਾ ਹੈ। ਇਸ ਮੁਹਿੰਮ ਤਹਿਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਡੇਂਗੂ ਦੀ ਰੋਕਥਾਮ, ਲੱਛਣ ਅਤੇ ਇਲਾਜ ਬਾਰੇ ਵਿਸਥਾਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫ਼ਸਰ ਡਾ.ਅਮਿਤਾ ਲੂਨਾ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵਿਦਿਆਰਥੀਆਂ ਨੂੰ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਜਾਣਕਾਰੀ ਦੇ ਰਹੇ ਹਨ। ਉਨਾ ਦੱਸਿਆ ਕਿ ਡੇਂਗੂ ਮੱਛਰ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ,ਇਸ ਲਈ ਘਰਾਂ ਅਤੇ ਆਸ-ਪਾਸ ਸਫ਼ਾਈ ਰੱਖਣਾ ਜ਼ਰੂਰੀ ਹੈ। ਵਿਦਿਆਰਥੀਆਂ ਨੂੰ ਪੂਰੇ ਬਾਹਾਂ ਵਾਲੇ ਕੱਪੜੇ ਪਾਉਣ, ਮੱਛਰਦਾਨੀ ਵਰਤਣ ਅਤੇ ਮੱਛਰਾਂ ਤੋਂ ਬਚਾਅ ਲਈ ਉਚਿਤ ਉਪਾਅ ਅਪਣਾਉਣ ਦੀ ਸਲਾਹ ਦਿੱਤੀ ਜਾ ਰਹੀ ਹੈ।

ਇਸ ਜਾਗਰੂਕਤਾ ਮੁਹਿੰਮ ਦਾ ਮਕਸਦ ਵਿਦਿਆਰਥੀਆਂ ਵਿੱਚ ਡੇਂਗੂ ਦੇ ਬਚਾਅ ਸਬੰਧੀ ਸਮਝ ਵਿਕਸਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਵਰਗ ਦੀ ਭਾਗੀਦਾਰੀ ਨਾਲ ਹੀ ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਨੂੰ ਰੋਕਿਆ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਆਪਣੇ ਆਸ-ਪਾਸ ਮੱਛਰ ਪੈਦਾ ਹੋਣ ਦੇ ਸਾਧਨਾਂ ਨੂੰ ਖਤਮ ਕਰਨ ਅਤੇ ਸਫਾਈ ਰੱਖਣ।

# ਪਲਾਹੀ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ



ਫਗਵਾੜਾ, ( ਸੁਸ਼ੀਲ ਸ਼ਰਮਾ ) ਪਿੰਡ ਪਲਾਹੀ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿੱਚ ਢਾਡੀ ਜੱਥਾ ਜਰਨੈਲ ਸਿੰਘ ਬੈਂਸ, ਪਿੰਡ ਲੱਲੀਆਂ ਵਾਲੇ ਮਨਦੀਪ ਸਿੰਘ (ਦੀਪਾ) ਪਲਾਹੀ ਵੱਲੋਂ ਵਾਰਾਂ ਅਤੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਜਾਏ ਗਏ ਨਗਰ ਕੀਰਤਨ ਵਿੱਚ ਗੁਰੂ ਜੀ ਦੇ ਪਾਵਨ ਸਰੂਪ ਨੂੰ ਫੁੱਲਾਂ ਨਾਲ ਸਜੀ ਹੋਈ ਸੁੰਦਰ ਪਾਲਕੀ ਵਿੱਚ ਸਜਾਇਆ ਗਿਆ। ਸੰਗਤਾਂ ਨੇ ਸ਼ਰਧਾ ਅਤੇ ਭਾਵਨਾ ਨਾਲ ਸ਼ਬਦ ਗਾਇਨ ਕੀਤੇ। ਇਹ ਨਗਰ ਕੀਰਤਨ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਗੁਰਦੁਆਰਾ ਪਲਾਹੀ ਤੋਂ ਆਰੰਭ ਹੋ ਕੇ ਪਿੰਡ ਦੀਆਂ ਵੱਖ -ਵੱਖ ਗਲੀਆਂ ਤੋਂ ਹੁੰਦਾ ਹੋਇਆ ਵਾਪਸ ਗੁਰੂ ਘਰ ਵਿੱਚ ਪੁੱਜਾ। ਇਸ ਮੌਕੇ ਨਗਰ ਕੀਰਤਨ ਚ ਸ਼ਾਮਲ ਸੰਗਤਾਂ ਲਈ ਥਾਂ-ਥਾਂ 'ਤੇ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਜੋਗਿੰਦਰ ਸਿੰਘ ਮਾਨ ਸਾਬਕਾ ਮੰਤਰੀ ਇਸ ਸਮੇਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਜਿਹਨਾਂ ਨੇ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਉਹਨਾ ਦੇ ਜੀਵਨ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਅਤੇ ਸੰਗਤਾਂ ਨੂੰ ਗੁਰਪੂਰਬ ਦੀਆਂ ਵਧਾਈਆਂ ਦਿੱਤੀਆਂ। ਇਸ ਸਮੇਂ ਸੰਤੋਸ਼ ਕੁਮਾਰ ਗੋਗੀ ਜ਼ਿਲਾ ਪ੍ਰਧਾਨ ਐਸੀ ਵਿੰਗ, ਤਵਿੰਦਰ ਰਾਮ ਚੇਅਰਮੈਨ ਮਾਰਕਿਟ ਕਮੇਟੀ, ਸੁਰਜਨ ਸਿੰਘ ਨੰਬਰਦਾਰ, ਸੁਖਵਿੰਦਰ ਸਿੰਘ ਸੱਲ, ਮੇਜਰ ਸਿੰਘ, ਗਿਆਨ ਚੰਦ ਠੇਕੇਦਾਰ, ਫੋਰਮੈਨ ਬਲਵਿੰਦਰ ਸਿੰਘ,ਰਵਿੰਦਰ ਸਿੰਘ ਸੱਗੂ, ਗੁਰਚਰਨ ਸਿੰਘ ਬਸਰਾ, ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਵੀਪਾਲ, ਉਪ ਪ੍ਰਧਾਨ ਪੀਟਰ ਕੁਮਾਰ, ਉਪ ਪ੍ਰਧਾਨ ਕਮਲਦੀਪ, ਜਨਰਲ ਸਕੱਤਰ ਸੁਖਵਿੰਦਰ ਸਿੰਘ, ਖਜ਼ਾਨਚੀ ਹੈਪੀ ਭਲਵਾਨ, ਪ੍ਰਚਾਰਕ ਸਕੱਤਰ ਪੀਟਰ ਕੁਮਾਰ, ਮੁੱਖ ਸਲਾਹਕਾਰ ਮੱਖਣ ਚੰਦ, ਮਦਨ ਲਾਲ, ਮੈਂਬਰ ਰਾਮ ਜੀ, ਗਗਨਦੀਪ ਮਨੀਸ਼, ਲੇਖਰਾਜ, ਵਿਜੈ ਕੁਮਾਰ, ਅਮਰੀਕ (ਘੁੱਲਾ), ਹੈਪੀ ਪੱਲ, ਰੁਪਿੰਦਰ ਸਿੰਘ, ਨਿਰਮਲ ਜੱਸੀ ਅਤੇ ਨਗਰ ਪੰਚਾਇਤ ਪਲਾਹੀ ਦੇ ਮੈਂਬਰ ਸੰਨੀ ਚੰਦੜ, ਮਦਨ ਲਾਲ, ਬਲਵਿੰਦਰ ਕੌਰ, ਗੁਰਬਖ਼ਸ਼ ਕੌਰ, ਜੋਗਿੰਦਰ ਰਾਮ ਤਹਿਸੀਲਦਾਰ, ਜਸਬੀਰ ਸਿੰਘ ਬਸਰਾ, ਰਜਿੰਦਰ ਸਿੰਘ ਬਸਰਾ ਅਤੇ ਸਾਬਕਾ ਸਰਪੰਚ ਬੀਬੀ ਰਣਜੀਤ ਕੌਰ ਆਦਿ ਹਾਜ਼ਰ ਸਨ।

# ਕਾਨਪੁਰ ਦੇ ਗੋਵਿੰਦ ਨਗਰ ਚੋਂ ਨਕਦੀ ਸਮੇਤ ਲੱਖਾਂ ਦੇ ਗਹਿਣੇ ਗਾਇਬ, ਮਲਖਾਨਾ ਦੇ ਸਾਬਕਾ ਇੰਚਾਰਜ ਖਿਲਾਫ ਐਫ.ਆਈ.ਆਰ.




ਕਾਨਪੁਰ। (ਸੁਨੀਲ ਬਾਜਪਾਈ) ਥਾਣਾ ਗੋਵਿੰਦ ਨਗਰ ਦੇ ਗੋਦਾਮ ਵਿੱਚੋਂ ਲੱਖਾਂ ਰੁਪਏ ਦੀ ਨਕਦੀ ਤੇ ਗਹਿਣੇ ਗਾਇਬ ਹੋ ਗਏ। ਇਸ ਮਾਮਲੇ ਚ ਥਾਣਾ ਮਲਖਾਨਾ ਦੇ ਸਾਬਕਾ ਹੈੱਡ ਕਾਂਸਟੇਬਲ ਅਤੇ ਇਸ ਸਮੇਂ ਲਖਨਊ ਚ ਤਾਇਨਾਤ ਸਬ-ਇੰਸਪੈਕਟਰ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ, ਜਿਸ ਤੋਂ ਬਾਅਦ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਜਾਣਕਾਰੀ ਅਨੁਸਾਰ ਗੁੰਮ ਹੋਏ ਸਾਮਾਨ ਵਿੱਚ 19 ਲੱਖ ਰੁਪਏ ਦੀ ਨਕਦੀ ਦੇ ਨਾਲ-ਨਾਲ ਸੋਨੇ ਦੀਆਂ ਮੁੰਦਰੀਆਂ ਅਤੇ ਕਈ ਮੋਬਾਈਲ ਵੀ ਸ਼ਾਮਲ ਹਨ। ਜਿਸ ਤੇ ਇੰਸਪੈਕਟਰ ਪ੍ਰਦੀਪ ਸਿੰਘ ਦੀ ਅਗਵਾਈ ਚ ਮਲਖਾਨਾ ਦੇ ਸਾਬਕਾ ਮੁਖੀ ਅਤੇ ਮੌਜੂਦਾ ਸਮੇਂ ਲਖਨਊ ਦੇ ਚੌਕੀ ਥਾਣੇ ਚ ਤਾਇਨਾਤ ਇੰਸਪੈਕਟਰ ਦਿਨੇਸ਼ ਚੰਦਰ ਤ੍ਰਿਪਾਠੀ ਖਿਲਾਫ ਗੰਭੀਰ ਧਾਰਾਵਾਂ ਤਹਿਤ ਥਾਣਾ ਗੋਵਿੰਦ ਨਗਰ ਚ ਐਫ. ਆਈ.ਆਰ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਇਲਜ਼ਾਮ ਹੈ ਕਿ ਪਹਿਲਾਂ ਤਾਇਨਾਤ ਮੁਹੱਰਰ ਮਲਖਾਨਾ ਦਾ ਚਾਰਜ ਮੌਜੂਦਾ ਇੰਚਾਰਜ ਨੂੰ ਨਹੀਂ ਸੌਂਪ ਰਹੇ ਸਨ। ਸਖ਼ਤ ਕਾਰਵਾਈ ਤੋਂ ਬਾਅਦ ਜਦੋਂ ਗੋਦਾਮ ਦਾ ਚਾਰਜ ਸੌਂਪਿਆ ਗਿਆ ਤਾਂ ਮੈਚਿੰਗ ਦੌਰਾਨ ਗੋਦਾਮ ਵਿੱਚੋਂ ਨਕਦੀ, ਗਹਿਣੇ ਅਤੇ ਹੋਰ ਸਾਮਾਨ ਗਾਇਬ ਪਾਇਆ ਗਿਆ।

ਇੰਸਪੈਕਟਰ ਦੁਆਰਾ ਦਰਜ ਕਰਵਾਈ ਗਈ ਐਫਆਈਆਰ ਦੇ ਅਨੁਸਾਰ, ਦਿਨੇਸ਼ ਚੰਦਰ ਤਿਵਾੜੀ 22 ਅਕਤੂਬਰ 2020 ਤੋਂ 17 ਅਕਤੂਬਰ 2022 ਤੱਕ ਗੋਵਿੰਦ ਨਗਰ ਥਾਣੇ ਵਿੱਚ ਮਲਖਾਨਾ ਮੁਹਾਰੀਅਰ ਦੀ ਪੋਸਟ ਤੇ ਤਾਇਨਾਤ ਸੀ। ਦਿਨੇਸ਼ ਚੰਦਰ ਹੁਣ ਥਾਣਾ ਕੋਤਵਾਲੀ ਚੌਕ, ਲਖਨਊ ਵਿਖੇ ਤਾਇਨਾਤ ਹਨ। ਅਧਿਕਾਰੀਆਂ ਮੁਤਾਬਕ ਜਲਦੀ ਹੀ ਮਾਮਲੇ ਦਾ ਖੁਲਾਸਾ ਕੀਤਾ ਜਾਵੇਗਾ ਅਤੇ ਦੋਸ਼ੀ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

# ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਗੁਰਾਇਆ 1 ਦਾ ਪ੍ਰਧਾਨ ਕੁਲਵੰਤ ਰਾਮ ਰੁੜਕਾ ਅਤੇ ਜਨਰਲ ਸਕੱਤਰ ਸਰਬਜੀਤ ਸਿੰਘ ਨੂੰ ਚੁਣਿਆ ਗਿਆ




ਫ਼ਗਵਾੜਾ-ਗੁਰਾਇਆ (ਸੁਸ਼ੀਲ ਸ਼ਰਮਾ) ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਗੁਰਾਇਆ: 01,ਜ਼ਿਲ੍ਹਾ ਜਲੰਧਰ ਦੀ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਕੁਲਵੰਤ ਰਾਮ ਰੁੜਕਾ ਨੂੰ ਪ੍ਰਧਾਨ,ਮਨੋਜ ਕੁਮਾਰ ਨੂੰ ਸੀਨੀਅਰ ਮੀਤ ਪ੍ਰਧਾਨ,ਸੁਰਜੀਤ ਲਾਲ ਨੂੰ ਮੀਤ ਪ੍ਰਧਾਨ,ਰਾਕੇਸ਼ ਕੁਮਾਰ ਨੂੰ ਮੀਤ ਪ੍ਰਧਾਨ,ਸਰਬਜੀਤ ਸਿੰਘ ਨੂੰ ਜਨਰਲ ਸਕੱਤਰ, ਮੁਨੀਸ਼ ਕੁਮਾਰ ਨੂੰ ਸਹਾਇਕ ਸਕੱਤਰ, ਸੁਰਿੰਦਰ ਕੌਰ ਸਹੋਤਾ ਨੂੰ ਕੈਸ਼ੀਅਰ, ਜਗਜੀਤ ਸਿੰਘ ਨੂੰ ਸਹਾਇਕ ਕੈਸ਼ੀਅਰ ਪ੍ਰੇਮ ਖਲਵਾੜਾ ਨੂੰ ਪ੍ਰੈਸ ਸਕੱਤਰ ਸਮੇਤ 13 ਮੈਂਬਰੀ ਕਮੇਟੀ ਬਣਾਈ ਗਈ। ਇਸ ਮੌਕੇ ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ,ਜ਼ਿਲ੍ਹਾ ਸਕੱਤਰ ਨਿਰਮੋਲਕ ਸਿੰਘ ਹੀਰਾ,ਅਜੇ ਕੁਮਾਰ,ਸੰਦੀਪ ਕੁਮਾਰ,ਮੁਨੀਸ਼ ਕੁਮਾਰ,ਜਸਵਿੰਦਰ,ਸੁਖਵਿੰਦਰ ਸਿੰਘ ਵੀ ਹਾਜ਼ਰ ਸਨ।

# ਡਾ: ਪੁਨੀਤ ਨਰੂਲਾ ਬਣੇ ਹਿਊਮਨ ਰਾਈਟਸ ਕੌਂਸਲ (ਇੰਡੀਆ) ਮੈਡੀਕਲ ਸੈੱਲ ਫਗਵਾੜਾ ਦੇ ਪ੍ਰਧਾਨ



ਫਗਵਾੜਾ ( ਸੁਸ਼ੀਲ ਸ਼ਰਮਾ ) ਹਿਊਮਨ ਰਾਈਟਸ ਕੌਂਸਲ (ਇੰਡੀਆ) ਦੀ ਕੌਮੀ ਪ੍ਰਧਾਨ ਆਰਤੀ ਰਾਜਪੂਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫਗਵਾੜਾ ਸ਼ਾਖਾ ਦੇ ਪ੍ਰਧਾਨ ਗੁਰਦੀਪ ਸਿੰਘ ਕੰਗ ਨੇ ਕੌਂਸਲ ਦੇ ਮੈਡੀਕਲ ਸੈੱਲ ਦਾ ਗਠਨ ਕਰਦਿਆਂ ਡਾ: ਪੁਨੀਤ ਨਰੂਲਾ ਨੂੰ ਫਗਵਾੜਾ ਯੂਨਿਟ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਡਾ: ਪੁਨੀਤ ਨਰੂਲਾ (ਆਰਥੋ) ਸਤਨਾਮਪੁਰਾ ਸਥਿਤ ਨਰੂਲਾ ਹਸਪਤਾਲ ਦੇ ਐਮ.ਡੀ. ਅਤੇ ਇਲਾਕੇ ਦੇ ਮਸ਼ਹੂਰ ਆਰਥੋਪੀਡਿਕ ਮਾਹਿਰ ਹਨ। ਉਹ ਲੰਮੇ ਸਮੇਂ ਤੋਂ ਸਮਾਜ ਸੇਵਾ ਨਾਲ ਵੀ ਜੁੜੇ ਹੋਏ ਹਨ। ਉਨ੍ਹਾਂ ਦੀ ਸਮਾਜ ਸੇਵਾ ਦੀ ਭਾਵਨਾ ਨੂੰ ਦੇਖਦਿਆਂ ਕੌਂਸਲ ਨੇ ਉਨ੍ਹਾਂ ਨੂੰ ਮੈਡੀਕਲ ਸੈੱਲ ਫਗਵਾੜਾ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਡਾ: ਨਰੂਲਾ ਨਾਗਰਿਕਾਂ ਨੂੰ ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਵਿੱਚ ਵੀ ਆਪਣੀਆਂ ਵਧੀਆ ਸੇਵਾਵਾਂ ਦੇਣਗੇ। ਡਾ: ਪੁਨੀਤ ਨਰੂਲਾ ਨੇ ਕੌਂਸਲ ਦੀ ਕੌਮੀ ਪ੍ਰਧਾਨ ਆਰਤੀ ਰਾਜਪੂਤ ਅਤੇ ਫਗਵਾੜਾ ਪ੍ਰਧਾਨ ਗੁਰਦੀਪ ਸਿੰਘ ਕੰਗ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਕੌਂਸਲ ਵੱਲੋਂ ਉਨ੍ਹਾਂ ਨੂੰ ਸੰਭਾਲੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਜਲਦੀ ਹੀ ਉਹ ਆਪਣੀ ਟੀਮ ਦਾ ਗਠਨ ਕਰਨਗੇ ਅਤੇ ਫਗਵਾੜਾ ਦੇ ਸੂਝਵਾਨ ਡਾਕਟਰਾਂ ਨੂੰ ਸੰਸਥਾ ਨਾਲ ਜੋੜਿਆ ਜਾਵੇਗਾ ਤਾਂ ਜੋ ਕੌਂਸਲ ਦੇ ਮਿਸ਼ਨ ਨੂੰ ਵਧੀਆ ਢੰਗ ਨਾਲ ਅੱਗੇ ਤੋਰਿਆ ਜਾ ਸਕੇ। ਇਸ ਮੌਕੇ ਸੁਖਵਿੰਦਰ ਸਿੰਘ ਭਮਰਾ, ਚੰਦਰਮੋਹਨ ਸ਼ਰਮਾ, ਸੁਮਿਤ ਭੰਡਾਰੀ, ਨੰਦ ਸੈਨੀ, ਲਲਿਤ ਸ਼ਰਮਾ, ਵਿੱਕੀ ਚੁੰਬਰ ਆਦਿ ਹਾਜ਼ਰ ਸਨ।

# ਮਾਣ ਮੱਤਾ ਪੱਤਰਕਾਰ ਪੁਰਸਕਾਰ ਸਮਾਗਮ 23 ਫਰਵਰੀ ਨੂੰ ਫਗਵਾੜਾ ਵਿਖੇ



ਅਰਥਸ਼ਾਸਤਰੀ ਅਤੇ ਕਾਲਮਨਵੀਸ ਡਾ.ਰਣਜੀਤ ਸਿੰਘ ਘੁੰਮਣ ਅਤੇ ਪੱਤਰਕਾਰ ਦੀਪਕ ਸ਼ਰਮਾ ਚਨਾਰਥਲ

ਫਗਵਾੜਾ, (ਸੁਸ਼ੀਲ ਸ਼ਰਮਾ ) ਪੰਜਾਬੀ ਵਿਰਸਾ ਟਰੱਸਟ (ਰਜਿ:) ਫਗਵਾੜਾ ਵੱਲੋਂ ਪੰਜਾਬ ਚੇਤਨਾ ਮੰਚ ਦੇ ਸਹਿਯੋਗ ਨਾਲ ਫਗਵਾੜਾ ਵਿਖੇ ਮਾਣ ਮੱਤਾ ਪੱਤਰਕਾਰ ਪੁਰਸਕਾਰ-2024 ਸਮਾਗਮ 23 ਫਰਵਰੀ, ਦਿਨ ਐਤਵਾਰ, ਨੂੰ ਬਲੱਡ ਬੈਂਕ ਗੁਰੂ ਹਰਿਗੋਬਿੰਦ ਨਗਰ ਫਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ। ਪ੍ਰਿੰ. ਗੁਰਮੀਤ ਸਿੰਘ ਪਲਾਹੀ ਜਨਰਲ ਸਕੱਤਰ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਪ੍ਰਸਿੱਧ ਅਰਥ-ਸ਼ਾਸਤਰੀ ਅਤੇ ਕਾਲਮਨਵੀਸ ਡਾ. ਰਣਜੀਤ ਸਿੰਘ ਘੁੰਮਣ ਅਤੇ ਪ੍ਰਸਿੱਧ ਫੀਲਡ ਪੱਤਰਕਾਰ ਦੀਪਕ ਸ਼ਰਮਾ ਚਨਾਰਥ ਨੂੰ ਮਾਣ ਮੱਤਾ ਪੱਤਰਕਾਰ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਉਹਨਾ ਨੇ ਦੱਸਿਆ ਕਿ ਇਸ ਪੁਰਸਕਾਰ ਵਿੱਚ ਮਾਣ ਪੱਤਰ, ਮੰਮੈਂਟੋ, ਦੁਸ਼ਾਲਾ ਤੇ ਨਕਦ ਰਾਸ਼ੀ ਦਿੱਤੀ ਜਾਵੇਗੀ। ਇਹ ਸਮਾਗਮ ਪੰਜਾਬ ਚੇਤਨਾ ਮੰਚ ਦੇ ਸਹਿਯੋਗ ਨਾਲ ਹੋਏਗਾ ਅਤੇ ਡਾ.ਰਣਜੀਤ ਸਿੰਘ ਘੁੰਮਣ ਪੰਜਾਬ ਦੀਆਂ ਚਣੌਤੀਆਂ ਅਤੇ ਸੰਭਾਵਨਾਵਾਂ ਵਿਸ਼ੇ ਤੇ ਇਸ ਸਮੇਂ ਵਿਚਾਰ ਪੇਸ਼ ਕਰਨਗੇ। ਇਸ ਸਮਾਗਮ ਵਿੱਚ ਪ੍ਰਸਿੱਧ ਕਹਾਣੀਕਾਰ ਸ. ਵਰਿਆਮ ਸਿੰਘ ਸੰਧੂ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕਰਨਗੇ। ਸਮਾਗਮ ਵਿੱਚ ਸਤਨਾਮ ਸਿੰਘ ਮਾਣਕ, ਡਾ. ਲਖਵਿੰਦਰ ਸਿੰਘ ਜੌਹਲ, ਪ੍ਰੋ. ਜਸਵੰਤ ਸਿੰਘ ਗੰਡਮ, ਰਵਿੰਦਰ ਚੋਟ, ਗਿਆਨ ਸਿੰਘ, ਐਡਵੋਕੇਟ ਐਸ.ਐਲ ਵਿਰਦੀ ਆਦਿ ਤੋਂ ਇਲਾਵਾ ਪੱਤਰਕਾਰ, ਲੇਖਕ, ਬੁੱਧੀਜੀਵੀ, ਪੰਜਾਬੀ ਪ੍ਰੇਮੀ ਸ਼ਿਰਕਤ ਕਰਨਗੇ। ਇਸ ਤੋਂ ਪਹਿਲਾਂ ਸਕੇਪ ਸਾਹਿਤਕ ਸੰਸਥਾ ਵੱਲੋਂ ਮਹੀਨਾਵਾਰ ਕਵੀ ਦਰਬਾਰ ਕਰਵਾਇਆ ਜਾਵੇਗਾ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਫਗਵਾੜਾ ਵਿੱਚ ਮਹਾਸ਼ਿਵਰਾਤਰੀ ਦੀ ਯਾਤਰਾ ਦੀਆਂ ਤਿਆਰੀਆਂ ਮੁਕੰਮਲ-ਕਰਵਲ/ਪਲਟਾ





ਫਗਵਾੜਾ (ਸੁਸ਼ੀਲ ਸ਼ਰਮਾ) ਫਗਵਾੜਾ ਵਿੱਚ ਮਹਾਂਸ਼ਿਵਰਾਤਰੀ ਦੇ ਮੌਕੇ ਤੇ, ਸ਼ਿਵ ਸੈਨਾ ਵੱਲੋਂ ਸਾਰੀਆਂ ਮੰਦਰ ਕਮੇਟੀਆਂ,ਧਾਰਮਿਕ ਅਤੇ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਕੱਢੀ ਜਾ ਰਹੀ ਸਾਲਾਨਾ ਯਾਤਰਾ ਦੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਵਿਸਤ੍ਰਿਤ ਜਾਣਕਾਰੀ ਦਿੰਦੇ ਹੋਏ,ਸ਼ਿਵ ਸੈਨਾ ਪੰਜਾਬ ਦੇ ਸੀਨੀਅਰ ਸੂਬਾਈ ਉਪ-ਪ੍ਰਧਾਨ ਇੰਦਰਜੀਤ ਕਰਵਲ ਅਤੇ ਰਾਜੇਸ਼ ਪਲਟਾ ਨੇ ਕਿਹਾ ਕਿ ਸੋਮਵਾਰ,24 ਫਰਵਰੀ ਨੂੰ ਦੁਪਹਿਰ 2 ਵਜੇ,ਸ਼੍ਰੀ ਠਾਕੁਰ ਪ੍ਰਾਚੀਨ ਸ਼ਿਵ ਮੰਦਰ,ਸਰਾਏ ਰੋਡ ਤੋਂ ਜਲੂਸ ਦਾ ਉਦਘਾਟਨ ਕਰਨਗੇ। ਇਸ ਤੋਂ ਪਹਿਲਾਂ,ਜੋਤੀ ਪੂਜਨ ਦੀ ਰਸਮ ਮੁਕੰਦ ਲਾਲ ਅਗਰਵਾਲ ਦੁਆਰਾ ਕੀਤੀ ਜਾਵੇਗੀ,ਝੰਡਾ ਲਹਿਰਾਉਣ ਦੀ ਰਸਮ ਰਾਜਕੁਮਾਰ ਗੁਪਤਾ ਦੁਆਰਾ ਕੀਤੀ ਜਾਵੇਗੀ। ਜਦੋਂ ਕਿ ਉਦਘਾਟਨ ਗੌਰਵ ਦੁੱਗਲ ਕਰਨਗੇ। ਇਹ ਜਲੂਸ ਜੀ.ਟੀ. ਰੋਡ ਲਿੰਕ ਰੋਡ ਬੱਸ ਸਟੈਂਡ ਤੋਂ ਸ਼ੁਰੂ ਹੋ ਕੇ ਸਿਨੇਮਾ ਰੋਡ,ਨਈਆਂ ਚੌਕ,ਛੱਤੀ ਖੂਹੀ,ਸ.ਭਗਤ ਸਿੰਘ ਚੌਕ, ਲਿੰਕ ਰੋਡ ਸੈਂਟਰਲ ਟਾਊਨ,ਗੁੜ ਮੰਡੀ ਰੋਡ,ਗਾਂਧੀ ਚੌਕ, ਬਾਂਸਾ ਵਾਲਾ ਬਾਜ਼ਾਰ,ਗਊਸ਼ਾਲਾ ਰੋਡ ਤੋਂ ਹੁੰਦਾ ਹੋਇਆ ਨਾਈਆਂ ਚੌਕ ਤੋਂ ਵਾਪਸ ਆਵੇਗਾ ਅਤੇ ਸਰਾਏ ਰੋਡ ਤੇ ਸਥਿਤ ਪ੍ਰਾਚੀਨ ਸ਼ਿਵ ਮੰਦਰ ਵਿਖੇ ਸਮਾਪਤ ਹੋਵੇਗਾ। ਜਲੂਸ ਵਿੱਚ,ਭਗਵਾਨ ਸ਼ਿਵ,ਮਾਤਾ ਪਾਰਵਤੀ, ਸ਼੍ਰੀ ਗਣੇਸ਼ ਜੀ,ਨੰਦੀ ਮਹਾਰਾਜ ਅਤੇ ਹੋਰ ਦੇਵਤਿਆਂ ਦੀਆਂ ਸੁੰਦਰ ਝਾਕੀਆਂ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਹੋਣਗੀਆਂ। ਵੱਖ-ਵੱਖ ਧਾਰਮਿਕ, ਸਮਾਜਿਕ ਸੰਗਠਨ ਅਤੇ ਲੰਗਰ ਕਮੇਟੀਆਂ ਵੱਖ-ਵੱਖ ਤਰ੍ਹਾਂ ਦੇ ਪਕਵਾਨਾਂ ਅਤੇ ਫੁੱਲਾਂ ਦੀ ਵਰਖਾ ਨਾਲ ਜਲੂਸ ਦਾ ਸਵਾਗਤ ਕਰਨਗੀਆਂ। ਜਲੂਸ ਦੇ ਅੰਤ ਵਿੱਚ, ਸ਼੍ਰੀ ਕਮਲ ਅਰੋੜਾ ਅਤੇ ਸਿਧਾਰਥ ਅਰੋੜਾ ਸਾਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕਰਨਗੇ। ਉਨ੍ਹਾਂ ਨੇ ਸਾਰੇ ਸ਼ਿਵ ਭਗਤਾਂ ਅਤੇ ਧਰਮ ਪ੍ਰੇਮੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਜਲੂਸ ਵਿੱਚ ਸ਼ਾਮਲ ਹੋਣ ਅਤੇ ਭਗਵਾਨ ਭੋਲੇਨਾਥ ਦਾ ਆਸ਼ੀਰਵਾਦ ਪ੍ਰਾਪਤ ਕਰਨ।

# ਪੰਜਾਬ ਚ ਕੈਂਸਰ ਪੈਰ ਪਸਾਰ ਰਿਹਾ ਹੈ, ਪੰਜਾਬੀਆਂ ਨੂੰ ਜਾਗਰੂਕ ਹੋਣ ਦੀ ਲੋੜ - ਕੁਲਵੰਤ ਸਿੰਘ ਧਾਲੀਵਾਲ

ਫਗਵਾੜਾ, ( ਸੁਸ਼ੀਲ ਸ਼ਰਮਾ ) ਕੁਲਵੰਤ ਸਿੰਘ ਧਾਲੀਵਾਲ ਮੁੱਖੀ ਵੱਰਲਡ ਕੈਂਸਰ ਕੇਅਰ ਨੇ ਕਿਹਾ ਹੈ ਕਿ ਪੰਜਾਬ ਵਿੱਚ ਕੈਂਸਰ ਪੈਰ ਪਸਾਰ ਰਿਹਾ ਹੈ ਅਤੇ ਪੰਜਾਬੀਆਂ ਨੂੰ ਇਸ ਪ੍ਰਤੀ ਜਾਗਰੂਕ ਕਰਨ ਲਈ ਪੰਜਾਬ ਭਰ ਚ ਐਨ.ਆਰ.ਆਈ. ਵੀਰਾਂ ਦੀ ਸਹਾਇਤਾ ਨਾਲ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਤਾਂ ਕਿ ਕੈਂਸਰ ਨੂੰ ਪਹਿਲੀ ਸਟੇਜ ਤੇ ਜੀ ਥੰਮਿਆ ਜਾ ਸਕੇ। ਇਸੇ ਲੜੀ ਚ ਸਾਂਝਾ ਪੰਜਾਬ ਐਸੋਸੀਏਸ਼ਨ ਅਤੇ ਵੱਰਲਡ ਕੈਂਸਰ ਕੇਅਰ ਵੱਲੋਂ ਗੋਰਿਮੰਟ ਮਿਡਲ ਸਕੂਲ ਪਿੰਡ ਰੁੜਕਾ ਖੁਰਦ, ਤਹਿਸੀਲ ਫਿਲੌਰ, ਜਿਲ੍ਹਾ ਜਲੰਧਰ ਵਿਖੇ 23 ਫਰਵਰੀ 2025 ਨੂੰ ਮੈਗਾ ਕੈਂਸਰ ਚੈੱਕ-ਅੱਪ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ, ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ(ਮੈਮੋਗ੍ਰਾਫੀ) ਟੈਸਟ, ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮੀਅਰ), ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ ਪੀਐਸਏ ਟੈਸਟ, ਔਰਤਾਂ ਤੇ ਮਰਦਾਂ ਦੇ ਮੂੰਹ ਦੇ ਕੈਂਸਰ ਦੀ ਜਾਂਚ, ਹੱਡੀਆਂ ਦੇ ਟੈਸਟ, ਔਰਤਾਂ ਤੇ ਮਰਦਾਂ ਦੀ ਬਲੱਡ ਕੈਂਸਰ ਦੀ ਜਾਂਚ, ਔਰਤਾਂ ਦੇ ਮਰਦਾਂ ਦੀ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਟੈਸਟ ਹੋਣਗੇ ਅਤੇ ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਦਵਾਈਆਂ, ਆਮ ਬਿਮਾਰੀਆਂ ਸਬੰਧੀ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆ ਅਤੇ ਕੈਂਸਰ ਦੇ ਮਰੀਜ਼ਾਂ ਦੇ ਇਲਾਜ਼ ਲਈ ਸਹੀ ਸਲਾਹ ਦਿੱਤੀ ਜਾਵੇਗੀ। ਕੈਂਪ ਵਿੱਚ ਅੱਖਾਂ ਦੇ ਚੈੱਕਅੱਪ ਕੈਂਪ ਤੇ ਐਨਕਾਂ ਫਰੀ ਦਿੱਤੀਆਂ ਜਾਣਗੀਆਂ। ਇਸ ਕੈਂਪ ਲਈ ਬਲਬੀਰ ਸਿੰਘ ਸਹੋਤਾ, ਹਿਪੀ ਰੁੜਕਾ, ਮਨੂੰ ਨਾਰਵੇ ਵੱਲੋਂ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ। ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਕੁਲਵੰਤ ਸਿੰਘ ਧਾਲੀਵਾਲ ਪਹੁੰਚਣਗੇ। ਇਹ ਸੂਚਨਾ ਅਮਰੀਕਾ ਵਸਦੇ ਐਨ.ਆਰ.ਆਈ. ਲਖਬੀਰ ਸਿੰਘ ਸਹੋਤਾ ਕਾਲਾ ਟਰੈਸੀ ਨੇ ਦਿੱਤੀ।

# ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਵਿੱਚ ਇਨਾਮ ਵੰਡ ਸਮਾਰੋਹ ਧੂਮਧਾਮ ਨਾਲ ਸਮਾਪਤ ਹੋਇਆ



ਚੰਡੀਗੜ੍ਹ। (ਲੋਕ ਬਾਣੀ) ਇਨਾਮ ਵੰਡ ਸਮਾਰੋਹ ਮਹਾਂਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮਡੀਏਵੀ ਭਵਨ, ਦਰਿਆ, ਚੰਡੀਗੜ੍ਹ ਵਿਖੇ ਬਹੁਤ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗਾਇਤਰੀ ਮੰਤਰ ਦੇ ਜਾਪ ਅਤੇ ਦੀਵੇ ਜਗਾਉਣ ਨਾਲ ਹੋਈ। ਇਸ ਪ੍ਰੋਗਰਾਮ ਵਿੱਚ, ਪ੍ਰਸਿੱਧ ਕਵਿਤਰੀ ਅਤੇ ਰਾਈਸ ਯੂਨੀਵਰਸਿਟੀ, ਹਿਊਸਟਨ, ਅਮਰੀਕਾ ਦੀ ਸਾਬਕਾ ਪ੍ਰੋਫੈਸਰ ਡਾ. ਸਰਿਤਾ ਮਹਿਤਾ ਮੁੱਖ ਮਹਿਮਾਨ, ਵਿਸ਼ਵ ਪ੍ਰਸਿੱਧ ਸਾਹਿਤਕਾਰ ਪ੍ਰੇਮ ਵਿਜ ਵਿਸ਼ੇਸ਼ ਮਹਿਮਾਨ ਅਤੇ ਕਵਿਤਰੀ ਅਤੇ ਸਿੱਖਿਆ ਸ਼ਾਸਤਰੀ ਕਿਰਨ ਆਹੂਜਾ ਵਿਸ਼ੇਸ਼ ਸੱਦਾ ਪੱਤਰ ਸਨ। ਇਸ ਮੌਕੇ ਵਿਦਿਆਰਥੀਆਂ ਨੇ ਡਾ. ਸਰਿਤਾ ਮਹਿਤਾ, ਪ੍ਰਸਿੱਧ ਸਾਹਿਤਕਾਰ ਪ੍ਰੇਮ ਵਿਜ ਅਤੇ ਡਾ. ਵਿਨੋਦ ਸ਼ਰਮਾ ਦੀਆਂ ਕਵਿਤਾਵਾਂ ਪੇਸ਼ ਕੀਤੀਆਂ। ਵਿਦਿਆਰਥੀਆਂ ਨੇ ਕਵਿਤਾਵਾਂ ਅਤੇ ਲੇਖਾਂ ਰਾਹੀਂ ਐਨਆਰਆਈ ਸੁਦਰਸ਼ਨ ਗਰਗ ਵੱਲੋਂ ਸਾਲ ਭਰ ਕੀਤੇ ਗਏ ਕੰਮ ਦੀ ਸ਼ਲਾਘਾ ਕੀਤੀ। ਹਿੰਦੀ ਅਧਿਆਪਕਾ ਅਤੇ ਲੇਖਕ ਕਿਰਨ ਪ੍ਰਭਾ ਨੇ ਐਨਆਰਆਈ ਸੁਦਰਸ਼ਨ ਗਰਗ ਤੇ ਲਿਖੀ ਇੱਕ ਕਵਿਤਾ ਪੇਸ਼ ਕੀਤੀ। ਵਿਦਿਆਰਥੀਆਂ ਦੀ ਬੇਨਤੀ ਤੇ, ਪ੍ਰਸਿੱਧ ਸਾਹਿਤਕਾਰ ਪ੍ਰੇਮ ਵਿਜੇ ਨੇ ਵੀ ਆਪਣੀ ਕਵਿਤਾ ਪੇਸ਼ ਕੀਤੀ। ਇਸ ਸਮਾਗਮ ਦੇ ਪ੍ਰਬੰਧਕ ਐਨਆਰਆਈ ਸੁਦਰਸ਼ਨ ਗਰਗ ਸਨ। ਮਹਿਮਾਨਾਂ ਨੇ ਸੈਸ਼ਨ 2024-25 ਦੌਰਾਨ ਬਿਹਤਰ ਹਾਜ਼ਰੀ, ਚੰਗੇ ਅੰਕ ਪ੍ਰਾਪਤ ਕਰਨ ਅਤੇ ਵੱਖ-ਵੱਖ ਹੋਰ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਵਿਦਿਆਰਥੀਆਂ ਨੂੰ ਮੈਡਲ ਅਤੇ ਯਾਦਗਾਰੀ ਚਿੰਨ੍ਹ ਪ੍ਰਦਾਨ ਕੀਤੇ। ਉਸਨੂੰ ਸਟੇਸ਼ਨਰੀ ਵੀ ਭੇਟ ਕੀਤੀ ਗਈ। ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੋਦਗਿਲ ਨੇ ਕਿਹਾ ਕਿ ਸੁਦਰਸ਼ਨ ਗਰਗ ਸਕੂਲ ਦੇ ਸਰਪ੍ਰਸਤ ਹਨ। ਸਕੂਲ ਦੀ ਤਰੱਕੀ ਲਈ ਹਮੇਸ਼ਾ ਯਤਨਸ਼ੀਲ ਰਹੋ। ਗਰੀਬ ਬੱਚਿਆਂ ਦੀਆਂ ਫੀਸਾਂ ਦੇਣ ਤੋਂ ਇਲਾਵਾ, ਉਹ ਸਟੇਸ਼ਨਰੀ ਅਤੇ ਪ੍ਰੋਗਰਾਮਾਂ ਦਾ ਵੀ ਵਿਸ਼ੇਸ਼ ਪ੍ਰਬੰਧ ਕਰਦੇ ਹਨ। ਉਸਨੇ ਸੱਭਿਆਚਾਰਕ ਪ੍ਰੋਗਰਾਮਾਂ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਲਈ ਮਲਟੀਮੀਡੀਆ ਹਾਲ ਵਿੱਚ ਇੱਕ ਸਟੇਜ ਵੀ ਬਣਾਈ। ਇਸ ਸੈਸ਼ਨ ਦੌਰਾਨ ਮੋਰਨੀ ਹਿਲਜ਼ ਅਤੇ ਬਰਡ ਪਾਰਕ ਦਾ ਵੀ ਆਯੋਜਨ ਕੀਤਾ ਗਿਆ। ਉਹ ਹਰ ਰੋਜ਼ ਸਕੂਲ ਆਉਂਦਾ ਹੈ ਅਤੇ ਪੇਂਡੂ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਤਿਆਰ ਰਹਿੰਦਾ ਹੈ।

# ਸ਼ਾਂਤੀ ਦੇਵੀ ਕਾਲਜ ਵਿੱਚ ਲਗਾਈ ਜਵੈਲਰੀ ਵਰਕਸ਼ਾਪ




ਦੀਨਾਨਗਰ (ਡਾ ਰਮੇਸ਼ ਸਰੰਗਲ ) ਸਥਾਨਕ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੇ ਪੋਸਟ ਗਰੈਜੂਏਟ ਫੈਸ਼ਨ ਡੀਜ਼ਾਈਨਿੰਗ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ: ਸਰਲਾ ਨਿਰੰਕਾਰੀ ਦੀ ਅਗਵਾਈ ਵਿੱਚ ਅਤੇ ਵਿਭਾਗ ਮੁਖੀ ਮੈਡਮ ਜੋਤੀ ਸੈਣੀ ਅਤੇ ਸਟਾਫ਼ ਦੀ ਦੇਖਰੇਖ ਵਿੱਚ ਤਿੰਨ-ਦਿਨਾਂ ਜਵੈਲਰੀ ਵਰਕਸ਼ਾਪ ਲਗਵਾਈ ਗਈ, ਜਿਸ ਵਿੱਚ ਮੈਡਮ ਮੋਹਿਨੀ ਸ਼ਰਮਾ ਨੇ ਜਵੈੱਲਰੀ ਐਕਸਪਰਟ ਵਜੋਂ ਸ਼ਿਰਕਤ ਕਰਕੇ ਬੱਚੀਆ ਨੂੰ ਨੈਕਲਸ, ਈਅਰਿੰਗਜ਼, ਕੁੰਦਨ ਸੈੱਟ, ਚਿੰਬਜ਼, ਸੈੱਲ ਸੈੱਟ ਨੈਕਲਸ, ਹੇਅਰ ਚੇਨਜ਼, ਬੈਂਗਲਜ਼, ਕੰਗਨ ਅਤੇ ਕਲੀਰੇ ਆਦਿ ਵੱਖ ਵੱਖ ਡਿਜ਼ਾਈਨਾ ਵਿੱਚ ਬਣਾਉਣ ‘ ਦੀ ਤਕਨੀਕ ਸਿਖਾਈ ਗਈ । ਵਿਭਾਗ ਵੱਲੋਂ ਵਿਦਿਆਰਥਣਾਂ ਦੁਆਰਾ ਤਿਆਰ ਕੀਤੀ ਸੁੰਦਰ ਡਿਜ਼ਾਈਨਾਂ ਵਿੱਚ ਮਨਮੋਹਕ ਜਵੈਲਰੀ ਦੀ ਨੁਮਾਇਸ਼ ਵੀ ਲਗਾਈ ਗਈ । ਕਾਲਜ ਪ੍ਰਿੰ: ਡਾ: ਸਰਲਾ ਨਿਰੰਕਾਰੀ ਅਤੇ ਸੀਨੀਅਰ ਸਟਾਫ ਵੱਲੋਂ

ਫੈਸ਼ਨ ਡਿਜਾਈਨਿੰਗ ਵਿਭਾਗ ਦੀ ਇਸ ਵਰਕਸ਼ਾਪ ਦੀ ਸਰਾਹਨਾ ਕੀਤੀ ਗਈ। ਪ੍ਰਿੰਸੀਪਲ ਮੈਡਮ ਨੇ ਵਿਭਾਗ ਮੁਖੀ ਮੈਡਮ ਜੋਤੀ ਸੈਣੀ, ਮੀਨੂ ਗੁਪਤਾ, ਵੰਦਨਾ , ਰਜਵੰਤ ਕੌਰ, ਮਨਦੀਪ ਕੌਰ, ਪੱਲਵੀ , ਸਿਮਰਨ ਅਤੇ ਇਸ ਵਰਕਸ਼ਾਪ ਵਿੱਚ ਹਿੱਸਾ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ।

# ਜ਼ਿਲ੍ਹਾ ਪ੍ਰਸ਼ਾਸ਼ਨ ਲੋਕਾਂ ਨੂੰ ਰੋਜ਼ਮੱਰਾ ਦੀਆਂ ਸੇਵਾਵਾਂ ਸਰਲ ਪਾਰਦਰਸ਼ੀ ਤਰੀਕੇ ਨਾਲ ਪ੍ਰਦਾਨ ਕਰਨ ਲਈ ਵਚਨਬੱਧ- ਵਧੀਕ ਡਿਪਟੀ ਕਮਿਸ਼ਨਰ



ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼) ਜ਼ਿਲ੍ਹਾ ਪ੍ਰਸਾਸ਼ਨ ਲੋਕਾਂ ਨੂੰ ਰੋਜ਼ਮੱਰਾ ਦੀਆਂ ਸੇਵਾਵਾਂ ਸਰਲ,ਪਾਰਦਰਸ਼ੀ ਤਰੀਕੇ ਨਾਲ ਪ੍ਰਦਾਨ ਕਰਨ ਲਈ ਵਚਨਬੱਧ ਹੈ। ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਫਰਦ ਕੇਂਦਰ ਤੇ ਸੇਵਾ ਕੇਂਦਰ ਅਤੇ ਤਹਿਸੀਲਾਂ ਵਿਖੇ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕੀਤੇ ਜਾਣ ਅਤੇ ਕੰਮਕਾਜ ਸਬੰਧੀ ਗੱਲਬਾਤ ਕਰਦਿਆ ਕਿਹਾ ਕਿ ਸਰਕਾਰੀ ਅਧਿਕਾਰੀ ਤੇ ਕਰਮਚਾਰੀ ਲੋਕਾਂ ਨੂੰ ਜਨਤਕ ਸੇਵਾਵਾਂ ਅਸਾਨ ਤੇ ਸਰਲ ਤਰੀਕੇ ਨਾਲ ਮੁਹੱਈਆ ਕਰਵਾਉਣਾ ਯਕੀਨੀ ਬਣਾਉਣ ਅਤੇ ਰੋਜ਼ਮਰਾ ਦੀਆਂ ਸੇਵਾਵਾਂ ਪ੍ਰਦਾਨ ਕਰਨ ਵਿਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਸੁਚੱਜਾ ਪ੍ਰਸ਼ਾਸ਼ਨ ਅਤੇ ਤਕਨੀਕੀ ਸੂਚਨਾਂ ਵਿਭਾਗ ਵੱਲੋਂ ਲੋਕਾਂ ਨੂੰ ਇੱਕੋ ਛੱਤ ਥੱਲੇ ਸਰਕਾਰੀ ਸੇਵਾਵਾਂ ਡਿਜੀਟਲ ਤਰੀਕੇ ਨਾਲ ਮੁਹੱਈਆ ਕਰਵਾਉਣ ਲਈ ਜ਼ਿਲ੍ਹੇ 'ਚ 09 ਸੇਵਾ ਕੇਂਦਰ ਕਾਰਜਸ਼ੀਲ ਹਨ, ਜਿਨ੍ਹਾਂ ਤੋਂ ਕਰੀਬ 430 ਤਰ੍ਹਾਂ ਦੀਆਂ ਸੇਵਾਵਾਂ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ । ਇਸੇ ਤਰ੍ਹਾਂ ਲੋਕ ਦੀ ਸੁਵਿਧਾ ਲਈ ਸਰਕਾਰੀ ਸੇਵਾਵਾਂ ਡੋਰ ਸਟੈੱਪ ਡਲਿਵਰੀ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਨਾਲ ਸਰਕਾਰ ਤੋਂ ਨਾਗਰਿਕ ਤੱਕ ਸੇਵਾਵਾਂ (ਗਵਰਮੈਂਟ-ਟੂ-ਸਿਟੀਜ਼ਨ) ਨਿਰਵਿਘਨ ਮੁਹੱਈਆ ਹੋਣਗੀਆਂ। ਇਹ ਪਹਿਲਕਦਮੀ ਸੂਬਾ ਦੇ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਬੂਹਾਂ 'ਤੇ ਸਾਰੀਆਂ 406 ਮਹੱਤਵਪੂਰਨ ਜੀ2ਸੀ ਸੇਵਾਵਾਂ-ਜਿਵੇਂ ਜਨਮ ਅਤੇ ਮੌਤ ਦੇ ਸਰਟੀਫਿਕੇਟ,ਆਮਦਨ,ਰਿਹਾਇਸ਼,ਜਾਤੀ,ਪੈਨਸ਼ਨ,ਬਿਜਲੀ ਬਿੱਲ ਭੁਗਤਾਨ ਅਤੇ ਹੋਰ ਸੇਵਾਵਾਂ ਪ੍ਰਦਾਨ ਕੀਤੀ ਜਾ ਰਹੀ ਹੈ। ਨਾਗਰਿਕ ਸਮਰਪਿਤ ਹੈਲਪ ਲਾਈਨ ਨੰਬਰ 1076 'ਤੇ ਕਾਲ ਕਰਕੇ ਆਪਣੀ ਇਸ ਸਹੂਲਤ ਅਨੁਸਾਰ ਪੂਰਵ-ਮੁਲਾਕਾਤ ਦਾ ਸਮਾਂ ਤੈਅ ਕਰਕੇ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਬਿਨੈਕਾਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹੈਲਪਲਾਇਨ ਉੱਪਰ ਸੰਪਰਕ ਕਰ ਸਕਦਾ ਹੈ। ਇਸ ਹੈਲਪਲਾਇਨ ਰਾਹੀਂ ਪੰਜਾਬ ਸਰਕਾਰ ਵਲੋਂ ਬਿਨੈਕਾਰ ਦੇ ਦਸਤਾਵੇਜ਼ ਵੀ ਘਰੋਂ ਪ੍ਰਾਪਤ ਕੀਤੇ ਜਾਂਦੇ ਹਨ ਅਤੇ ਮੰਗੀ ਗਈ ਸੇਵਾ ਪ੍ਰਦਾਨ ਵੀ ਘਰ ਜਾ ਕੇ ਕੀਤੀ ਜਾਂਦੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮਜ਼ ਨੂੰ ਵੀ ਕਿਹਾ ਕਿ ਉਹ ਆਪੋ ਆਪਣੇ ਅਧਿਕਾਰ ਖੇਤਰ ਵਿਚ ਚੱਲ ਰਹੇ ਸੇਵਾ ਕੇਂਦਰਾਂ, ਫਰਦ ਕੇਂਦਰਾਂ ਵਿਖੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਲਗਾਤਾਰ ਸਮੀਖਿਆ ਕਰਨ ਤਾਂ ਜੋ ਲੋਕਾਂ ਨੂੰ ਨਿਰਵਿਘਨ ਤਰੀਕੇ ਨਾਲ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣ।

# ਡਾਇਰੈਕਟੋਰੇਟ ਰੱਖਿਆ ਸੇਵਾਵਾਂ ਭਲਾਈ ਪੰਜਾਬ ਪੰਜਾਬ ਸੈਨਿਕ ਭਵਨ, ਸੈਕਟਰ-21/ਡੀ, ਚੰਡੀਗੜ੍ਹ।

ਦੀਨਾਨਗਰ , ( ਡਾ.ਰਮੇਸ਼ ਸਰੰਗਲ) - ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਗੁਰਦਾਸਪੁਰ (ਵਾਧੂ ਚਾਰਜ) ਵਲੋਂ ਪੰਜਾਬ ਰਾਜ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਮਿਤੀ 19-02-2025 ਨੂੰ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਦੇ ਸਟਾਫ ਵਲੋਂ ਪੇਸ਼ ਕੀਤੇ ਗਏ ਫਰਜੀ ਬਿੱਲਾਂ ਦੀ ਮੁਢਲੀ ਪੜਤਾਲ ਕੀਤੀ ਗਈ ਸੀ ਜਿਸਦੇ ਸਿੱਟੇ ਵਿੱਚ ਸਬੰਧਤ ਅਧਿਕਾਰੀ ਵਲੋਂ ਸ੍ਰੀ ਕੁਲਵੰਤ ਸਿੰਘ, ਸੁਪਰਡੰਟ ਗ੍ਰੇਡ-2 ਨੂੰ ਫਰਜੀ ਬਿੱਲ ਪੇਸ਼ ਕਰਨ ਦੇ ਦੋਸ਼ ਵਿਚ ਦੋਸ਼ੀ ਪਾਇਆ ਗਿਆ। ਇਸ ਮਾਮਲੇ ਨੂੰ ਹੋਰ ਡੂੰਗਾਈ ਨਾਲ ਜਾਂਚ ਕਰਨ ਲਈ ਰੈਗੂਲਰ ਪੜਤਾਲ ਕਰਨ ਦੀ ਜਰੂਰਤ ਹੈ। ਕਿਉਂ ਜੋ ਸ੍ਰੀ ਕੁਲਵੰਤ ਸਿੰਘ, ਸੁਪਰਡੰਟ ਗ੍ਰੇਡ-2 ਵਲੋ ਸਰਕਾਰੀ ਪੈਸੇ ਦਾ ਗਬਨ ਕਰਨ ਦੀ ਮਨਸ਼ਾ ਅਤੇ ਆਪਣੇ ਕੰਮ ਪ੍ਰਤੀ ਘੋਰ ਅਣਗਹਿਲੀ ਕੀਤੀ ਗਈ ਹੈ. ਇਸ ਲਈ ਪੰਜਾਬ ਸਿਵਲ ਸੇਵਾਵਾਂ (ਸਜ਼ਾ ਤੇ ਅਪੀਲ) ਰੂਲਜ਼, 1970 ਦੇ ਨਿਯਮ 4 (1) (ੲ) ਤਹਿਤ ਤੁਰੰਤ ਪ੍ਰਭਾਵ ਤੋਂ ਮੁਅੱਤਲ ਕੀਤਾ ਜਾਂਦਾ ਹੈ। ਮੁਅੱਤਲੀ ਦੌਰਾਨ ਕਰਮਚਾਰੀ ਨੂੰ ਨਿਯਮਾਂ ਅਨੁਸਾਰ ਬਣਦਾ ਗੁਜਾਰਾ ਭੱਤਾ ਮਿਲਣਯੋਗ ਹੋਵੇਗਾ।

ਮੁਅੱਤਲੀ ਦੌਰਾਨ ਅਧਿਕਾਰੀ ਦਾ ਹੈਡਕੁਆਟਰ:- ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਬਠਿੰਡਾ ਹੋਵੇਗਾ ਅਤੇ ਉਹ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਬਠਿੰਡਾ ਦੀ ਪ੍ਰਵਾਨਗੀ ਤੋਂ ਬਿਨ੍ਹਾ ਹੈੱਡਕੁਆਟਰ ਨਹੀ ਛੱਡੇਗਾ। ਇਹ ਹੁਕਮ ਤੁਰੰਤ ਲਾਗੂ ਹੋਣਗੇ।

# ਬਿਜਲੀ ਕਾਮਿਆਂ ਦੀਆਂ ਗਲਤ ਪੋਸਟਿੰਗਾਂ ਖਿਲਾ.ਫ ਜਥੇਬੰਦੀਆਂ ਨੇ ਮੁੱਖ ਇੰਜੀ : ਖਿਲਾ.ਫ ਰੋਸ ਧਰਨਾ ਦਿੱਤਾ



ਲੁਧਿਆਣਾ ( ਸੁਖਚੈਨ ਮਹਿਰਾ) ਪੀਐਸਪੀਸੀਐਲ ਦੇ ਸਥਾਨਕ ਪੀ ਅਤੇ ਐਮ ( ਗਰਿੱਡਾਂ) ਦੇ ਮੁੱਖ ਇੰਜੀਨੀਅਰ ਦੇ ਦਫਤਰ ਸਾਹਮਣੇ ਸਾਂਝਾ ਫੋਰਮ ,ਏਕਤਾ ਮੰਚ ਅਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੇ ਸੱਦੇ ਤੇ ਰੋਸ ਧਰਨਾ ਲਗਾ ਕੇ ਮੁੱਖ ਇੰਜੀਨੀਅਰ ਵੱਲੋਂ ਕਰਮਚਾਰੀਆਂ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਖਿਲਾ.ਫ ਜੋਰਦਾਰ ਨਾਅਰੇਬਾਜ਼ੀ ਕੀਤੀ । ਇਸ ਰੋਸ ਧਰਨੇ ਦੀ ਪ੍ਰਧਾਨਗੀ ਸਾਂਝੇ ਤੌਰ ਤੇ ਰਤਨ ਸਿੰਘ ਮਜਾਰੀ , ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਰਣਜੀਤ ਸਿੰਘ ਢਿੱਲੋਂ ਨੇ ਕੀਤੀ । ਇਸ ਮੌਕੇ ਤੇ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਹਰਪਾਲ ਸਿੰਘ , ਗੁਰਵੇਲ ਸਿੰਘ ਬੱਲਪੁਰੀਆ, ਸਰਿੰਦਰਪਾਲ ਲਹੌਰੀਆਂ , ਸਰਬਜੀਤ ਸਿੰਘ ਭਾਣਾ, ਕੁਲਵਿੰਦਰ ਸਿੰਘ ਢਿੱਲੋਂ, ਕੌਰ ਸਿੰਘ ਸੋਹੀ , ਸੁਖਵਿੰਦਰ ਸਿੰਘ ਦੁੰਮਣਾ, ਜਸਵਿੰਦਰ ਸਿੰਘ , ਪੂਰਨ ਸਿੰਘ ਖਾਈ , ਰਛਪਾਲ ਸਿੰਘ ਪਾਲੀ , ਗੁਰਧਿਆਨ ਸਿੰਘ , ਲਖਵਿੰਦਰ ਸਿੰਘ , ਜਗਤਾਰ ਸਿੰਘ ਆਦਿ ਨੇ ਮੁੱਖ ਇੰਜੀਨੀਅਰ ਤੇ ਕਰਮਚਾਰੀਆਂ ਦੀਆਂ ਬਦਲੀਆਂ ਕਰਨ ਲਈ ਰਿਸ਼ਵਤਖ਼ੋਰੀ ਦੇ ਗੰਭੀਰ ਦੋਸ਼ ਲਗਾਏ । ਇਸ ਮੌਕੇ ਭਰਾਤਰੀ ਜਥੇਬੰਦੀ ਪਾਵਰਕਾਮ ਐਂਡ ਟ੍ਰਾਸ਼ਕੋ ਪੈਨਸ਼ਨਰ ਯੂਨੀਅਨ ਦੇ ਸੂਬਾ ਵਰਕਿੰਗ ਪ੍ਰਧਾਨ ਚਮਕੌਰ ਸਿੰਘ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਬਨਵੈਤ, ਸੂਬਾ ਸਕੱਤਰ ਐਸ ਪੀ ਸਿੰਘ ,ਸੂਬਾ ਆਗੂ ਰਾਜਿੰਦਰ ਸਿੰਘ ਨੇ ਰੋਸ ਧਰਨੇ ਦੀ ਡਟਵੀਂ ਹਮਾਇਤ ਕਰਦੇ ਹੋਏ ਅਗਲੇ ਸੰਘਰਸ਼ ਵਿੱਚ ਵੱਧ ਚੜ ਕੇ ਹਿੱਸਾ ਲੈਣ ਦਾ ਲੀਡਰਸ਼ਿਪ ਨੂੰ ਵਿਸ਼ਵਾਸ ਦਿਵਾਇਆ । ਆਗੂਆਂ ਨੇ ਕਿਹਾ ਕਿ ਪਿਛਲੇ ਇਕ ਮਹੀਨੇ ਤੋਂ ਮੁੱਖ ਇੰਜੀਨੀਅਰ ਜਾਣਬੁੱਝ ਕੇ ਤਰੱਕੀ ਪਾਉਣ ਵਾਲੇ ਸਹਾਇਕ ਲਾਈਨਮੈਨ ਕਰਮਚਾਰੀਆਂ ਨੂੰ ਵੱਖ ਵੱਖ ਤਰ੍ਹਾਂ ਦੇ ਬਹਾਨੇ ਬਣਾ ਕੇ ਪ੍ਰੇਸ਼ਾਨ ਕਰ ਰਿਹਾ ਹੈ। ਕਿਉਂਕਿ ਮੁੱਖ ਇੰਜੀਨੀਅਰ ਨੇ ਤਰੱਕੀ ਪਾਉਣ ਵਾਲੇ ਕਰਮਚਾਰੀਆਂ ਦੇ ਇਕ ਮਹੀਨੇ ਤੱਕ ਅਗਲੇ ਤੈਨਾਤੀ ਆਰਡਰ ਨਹੀਂ ਕੀਤੇ ਗਏ ਅਤੇ ਹੁਣ ਤਰੱਕੀ ਪਾਉਣ ਵਾਲੇ ਪਹਿਲਾਂ ਤੋਂ ਰੈਗੂਲਰ ਪੋਸਟਾਂ ਤੇ ਕੰਮ ਕਰ ਰਹੇ ਕਾਮਿਆਂ ਨੂੰ ਮੈਡੀਕਲ ਕਰਵਾਉਣ ਦੇ ਬੇਤੁਕੇ ਆਦੇਸ਼ ਜਾਰੀ ਕਰਕੇ ਕਰਮਚਾਰੀਆਂ ਨੂੰ ਖਜਲ ਖਰਾਬ ਕਰਨ ਲਈ ਧੱਕੇਸ਼ਾਹੀ ਕਰਕੇ ਗਲਤ ਪੋਸਟਿੰਗਾਂ ਕਰ ਦਿੱਤੀਆਂ ਹਨ ਜੋ ਕਦਾਚਿਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਮੁੱਖ ਇੰਜੀਨੀਅਰ ਤੇ ਕਾਮਿਆਂ ਦੀਆਂ ਬਦਲੀਆਂ ਕਰਨ ਬਦਲੇ ਰਿਸ਼ਵਤਖੋਰੀ ਦੇ ਗੰਭੀਰ ਦੋਸ਼ ਵੀ ਲਗਾਏ । ਆਗੂਆਂ ਨੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਮੁੱਖ ਇੰਜੀਨੀਅਰ ਪੀ ਐਮ ਲੁਧਿਆਣਾ ਵੱਲੋਂ ਮੁਲਾਜ਼ਮਾਂ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਤੇ ਰੋਕ ਲਗਾ ਕੇ ਕਰਮਚਾਰੀਆਂ ਨੂੰ ਇਨਸਾ.ਫ ਦਿੱਤਾ ਜਾਵੇ ਨਹੀਂ ਤਾਂ 4 ਮਾਰਚ ਨੂੰ ਮੁੱਖ ਇੰਜੀਨੀਅਰ ਖਿਲਾ.ਫ ਜਬਰਦਸਤ ਰੋਸ ਧਰਨਾ ਲਗਾਉਣ ਤੋਂ ਇਲਾਵਾ ਹੈਂਕੜ ਅਧਿਕਾਰੀ ਦਾ ਫੀਲਡ ਦੇ ਦੌਰਿਆਂ ਦੌਰਾਨ ਕਾਲੇ ਝੰਡਿਆਂ ਨਾਲ ਵਿਖਾਵੇ ਕੀਤੇ ਜਾਣਗੇ । ਇਸ ਰੋਸ ਧਰਨੇ ਨੂੰ ਮੁਲਾਜ਼ਮ ਆਗੂ ਹਰਵਿੰਦਰ ਸਿੰਘ ਲਾਲੂ , ਚਰਨਜੀਤ ਸਿੰਘ ਜਗਰਾਉਂ , ਪ੍ਰਭੂਜੋਤ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਜ਼ਿਲ੍ਹਾ ਪ੍ਰਸ਼ਾਸ਼ਨ ਤੇ ਅਲਿਮਕੋ ਵੱਲੋਂ ਦਿਵਿਆਂਗਜਨਾਂ ਲਈ ਸਹਾਇਕ ਸਮੱਗਰੀ ਵੰਡ ਕੈਂਪ ਦਾ ਆਯੋਜਨ



ਮਾਲੇਰਕੋਟਲਾ :( ਕਿੰਮੀ ਅਰੋੜਾ ,ਅਸਲਮ ਨਾਜ਼)

ਸਮੱਗਰ ਸਿੱਖਿਆ ਅਭਿਆਨ ਵੱਲੋਂ ਚਲਾਏ ਜਾ ਰਹੇ ਆਈ. ਈ. ਡੀ./ ਆਈ. ਈ. ਡੀ. ਐਸ. ਐਸ ਕੰਪੋਨੈਂਟ ਅਧੀਨ ਦਿਵਿਆਂਗ ਬੱਚਿਆਂ ਲਈ ਮੁਫਤ ਸਹਾਇਤਾ ਉਪਕਰਨ ਕੈਂਪ ਤਕਸ਼ੀਮ ਕਰਨ ਲਈ ਡਿਪਟੀ ਕਮਿਸ਼ਨਰ ਡਾ ਪੱਲਵੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਸਦਰਾਬਾਦ ਵਿਖੇ ਵਿਸ਼ੇਸ ਕੈਂਪ ਲਗਾਇਆ ਗਿਆ । ਇਸ ਕੈਂਪ ਵਿੱਚ ਐਲਿਮਕੋ ਦੀ ਮਾਹਿਰ ਡਾਕਟਰਾਂ ਦੀ ਟੀਮ ਵਲੋਂ 16 ਲੋੜਵੰਦ ਬੱਚਿਆਂ ਨੂੰ 22 ਮੁਫਤ ਸਹਾਇਤਾ ਉਪਕਰਨ ਵੰਡੇ ਗਏ । ਜਿਨ੍ਹਾਂ ਵਿੱਚ 04 ਵੀਲ ਚੇਅਰ, 01 ਸੀ.ਪੀ ਚੇਅਰ, 01 ਟੀ.ਐਲ.ਐਮ ਕਿੱਟ, 01 ਸਮਾਰਟ ਫੋਨ, 01 ਸਮਾਰਟ ਕੈਂਨ, 01 ਬਰੇਲ ਕਿੱਟ, 10 ਹੀਰਿੰਗ ਏਡ, 03 ਬੱਚਿਆਂ ਨੂੰ ਕੈਲੀਪਰ ਸ਼ਾਮਲ ਹਨ ।

ਡੀ. ਐਸ. ਈ. ਮੁਹੰਮਦ ਰਿਜ਼ਵਾਨ ਨੇ ਕਿਹਾ ਕਿ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਵਿਸੇ਼ਸ ਲੋੜਾਂ ਵਾਲੇ ਬੱਚਿਆ ਦੀ ਭਲਾਈ ਲਈ ਹਰ ਯੋਗ ਉਪਰਾਲੇ ਕਰ ਰਹੇ ਹਨ। ਉਹਨਾਂ ਕਿਹਾ ਕਿ ਇਹਨਾਂ ਉਪਕਰਨਾਂ ਨਾਲ ਉਹਨਾਂ ਨੂੰ ਆਪਣੇ ਰੋਜਮਰਾ ਦੇ ਕੰਮ ਆਸਾਨੀ ਨਾਲ ਕਰਨ ਵਿੱਚ ਮਦਦ ਮਿਲੇਗੀ। ਉਹਨਾਂ ਦਿਵਿਆਂਗਜਨਾਂ ਨੂੰ ਆਪਣੀ ਜਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਆ ਅਤੇ ਕਿਹਾ ਕਿ ਕੋਈ ਵੀ ਅਜਿਹਾ ਖੇਤਰ ਨਹੀਂ ਹੈ ਜਿਸ ਵਿੱਚ ਦਿਵਿਆਂਗਜਨ ਤਰੱਕੀ ਨਹੀਂ ਕਰ ਸਕਦੇ, ਇਸ ਲਈ ਉਹ ਆਪਣੀ ਜਿੰਦਗੀ ਨੂੰ ਸਫਲ ਬਣਾਉਣ ਲਈ ਮਿਸਾਲੀ ਕੰਮ ਕਰਨ।

ਇਸ ਮੌਕੇ ਅਲਿਮਕੋ ਤੋਂ ਸ਼ੂਰਸ਼ਾ ਕਾਮਬਲੇ ਅਤੇ ਮਧੂਰ ਸ਼ਰਮਾ ਡੀ. ਐਸ. ਈ. ਮੁਹੰਮਦ ਰਿਜ਼ਵਾਨ, ਡੀ. ਐਸ. ਈ. ਟੀ. ਜਸਵੀਰ ਕੌਰ ਵੱਲੋਂ ਮੁਫਤ ਸਹਾਇਤਾ ਉਪਕਰਨ ਵਾਰੇ ਵਿਸਥਾਰ ਰੂਪ ਵਿਚ ਜਾਣਕਾਰੀ ਦਿੱਤੀ ਗਈ । ਇਸ ਮੌਕੇ ਸਕੂਲੀ ਦੀ ਮੁਖੀ ਲਖਵਿੰਦਰ ਕੌਰ, ਦੀਦਾਰ ਸਿੰਘ ਸਿਮਰਨਜੀਤ ਕੌਰ, ਨਿਰਭੈ ਸਿੰਘ, ਅਮ੍ਰਿਤ ਪਾਲ ਕੌਰ, ਸੁਰਿੰਦਰ ਪਾਲ ਕੌਰ, ਮੁਮਤਾਜ ਵੀ ਮੌਜੂਦ ਸਨ । ਇਸ ਕੈਂਪ ਦੌਰਾਨ ਬੱਚਿਆਂ ਦੇ ਮਾਪਿਆਂ ਵੱਲੋ ਸਕੂਲ ਸਿੱਖਿਆ ਵਿਭਾਗ ਵੱਲੋ ਦਿੱਤੇ ਗਏ ਸਮਾਨ ਦਾ ਧੰਨਵਾਦ ਕੀਤਾ ।

# ਫੂਡ ਸੇਫ਼ਟੀ ਅਧਿਕਾਰੀਆਂ ਦੀ ਟੀਮ ਵੱਲੋਂ ਚੈਕਿੰਗ, ਤਿਆਰ ਕੀਤੇ ਮਟਨ, ਬਟਰ ਟੋਫੀਜ਼ ਤੇ ਮੈਦੇ ਦੇ 3 ਨਮੂਨੇ ਭਰੇ



ਜਲੰਧਰ, (ਲੋਕ ਬਾਣੀ) : ਖਾਣ-ਪੀਣ ਵਾਲੇ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਲਗਾਤਾਰਤਾ ਵਿੱਚ ਫੂਡ ਸੇਫ਼ਟੀ ਅਧਿਕਾਰੀਆਂ ਦੀ ਟੀਮ ਵੱਲੋਂ ਅੱਜ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਖਾਣ-ਪੀਣ ਵਾਲੇ ਪਦਾਰਥਾਂ ਦੀ ਵਿਕਰੀ ਕਰਨ ਵਾਲੇ ਅਦਾਰਿਆਂ ਦੀ ਚੈਕਿੰਗ ਕੀਤੀ ਗਈ।

ਕਮਿਸ਼ਨਰ ਫੂਡ ਸੇਫ਼ਟੀ ਪੰਜਾਬ ਅਭਿਨਵ ਤ੍ਰਿਖਾ ਦੀਆਂ ਹਦਾਇਤਾਂ 'ਤੇ ਸਹਾਇਕ ਕਮਿਸ਼ਨਰ ਡਾ. ਹਰਜੋਤ ਪਾਲ ਸਿੰਘ ਦੀ ਅਗਵਾਈ ਵਾਲੀ ਟੀਮ ਵੱਲੋਂ ਮਾਡਲ ਟਾਊਨ, ਨਿਊ ਜਵਾਹਰ ਨਗਰ ਅਤੇ ਬਸਤੀ ਪੀਰ ਦਾਦ ਰੋਡ ਇਲਾਕੇ ਵਿੱਚ ਖਾਣ-ਪੀਣ ਵਾਲੇ ਪਦਾਰਥਾਂ ਦੀ ਵਿਕਰੀ ਕਰਨ ਵਾਲੇ ਵੱਖ-ਵੱਖ ਅਦਾਰਿਆਂ ਦਾ ਨਿਰੀਖਣ ਕਰਕੇ ਤਿਆਰ ਕੀਤੇ ਮਟਨ, ਬਟਰ ਟੋਫੀਜ਼ ਅਤੇ ਮੈਦੇ ਦੇ 3 ਨਮੂਨੇ ਭਰੇ ਗਏ। ਟੀਮ ਵਿੱਚ ਫੂਡ ਸੇਫ਼ਟੀ ਅਫ਼ਸਰ ਮੁਕੁਲ ਗਿੱਲ ਵੀ ਸ਼ਾਮਲ ਸਨ।

ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਮਿਲਾਵਟ ਅਤੇ ਗੁਣਵੱਤਾ ਮਾਪਦੰਡਾਂ ਦੀ ਜਾਂਚ ਲਈ ਭਰੇ ਗਏ ਸੈਂਪਲਾਂ ਦੀ ਟੈਸਟਿੰਗ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਚੈਕਿੰਗਾਂ ਦਾ ਉਦੇਸ਼ ਖਾਧ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਤੋਂ ਇਲਾਵਾ ਇਹ ਯਕੀਨੀ ਬਣਾਉਣਾ ਹੈ ਕਿ ਖਪਤਕਾਰਾਂ ਨੂੰ ਸੁਰੱਖਿਅਤ ਤੇ ਗੁਣਵੱਤਾ ਭਰਪੂਰ ਭੋਜਨ ਉਤਪਾਦ ਮਿਲਣ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੀਆਂ ਚੈਕਿੰਗਾਂ ਜਾਰੀ ਰਹਿਣਗੀਆਂ।ਉਨ੍ਹਾਂ ਖਾਣ-ਪੀਣ ਵਾਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਖ਼ਪਤਕਾਰਾਂ ਦੀ ਸੁਰੱਖਿਆ ਲਈ ਸਾਫ਼-ਸੁਥਰੇ ਅਤੇ ਗੁਣਵੱਤਾ ਭਰਪੂਰ ਭੋਜਨ ਪਦਾਰਥ ਹੀ ਤਿਆਰ ਕਰਨ ਅਤੇ ਵੇਚਣ ਦੀ ਹਦਾਇਤ ਕੀਤੀ। ਇਸ ਦੌਰਾਨ ਉਨ੍ਹਾਂ ਵੱਲੋਂ ਲੋਕਾਂ ਨੂੰ ਖਾਣ-ਪੀਣ ਵਾਲੇ ਪਦਾਰਥਾਂ ਨਾਲ ਸਬੰਧਤ ਕਿਸੇ ਵੀ ਸ਼ੱਕੀ ਗਤੀਵਿਧੀ ਸਬੰਧੀ ਵਿਭਾਗ ਨੂੰ ਸੂਚਨਾ ਦੇਣ ਦੀ ਅਪੀਲ ਵੀ ਕੀਤੀ।

# ਐਨ.ਡੀ.ਆਰ.ਐਫ.ਦੀ ਟੀਮ ਨੇ ਵਿਦਿਆਰਥੀਆਂ ਨੂੰ ਹੰਗਾਮੀ ਹਾਲਾਤ 'ਚ ਬਚਾਅ ਕਾਰਜਾਂ ਤੇ ਸੁਰੱਖਿਆ ਉਪਾਵਾਂ ਬਾਰੇ ਦਿੱਤੀ ਜਾਣਕਾਰੀ




ਜਲੰਧਰ, (ਲੋਕ ਬਾਣੀ) : ਐਨ.ਡੀ.ਆਰ.ਐਫ. ਦੀ ਟੀਮ ਵੱਲੋਂ ਸਰਕਾਰੀ ਹਾਈ ਸਕੂਲ ਫਤਿਹਪੁਰ ਭਗਵਾਨ ਬਲਾਕ ਲੋਹੀਆਂ ਖਾਸ ਵਿਖੇ ਸਕੂਲ ਸੇਫ਼ਟੀ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਨੂੰ ਭੂਚਾਲ, ਅੱਗ ਲੱਗਣ ਆਦਿ ਵਰਗੇ ਹੰਗਾਮੀ ਹਾਲਾਤ ਵਿੱਚ ਆਪਣਾ ਬਚਾਅ ਅਤੇ ਦੂਜਿਆਂ ਦੀ ਸਹਾਇਤਾ ਕਰਨ ਸਬੰਧੀ ਸਿਖ਼ਲਾਈ ਦਿੱਤੀ ਗਈ।

ਸਕੂਲ ਸੇਫ਼ਟੀ ਪ੍ਰੋਗਰਾਮ ਦੀ 9 ਮੈਂਬਰੀ ਟੀਮ ਵੱਲੋਂ ਵੱਖ-ਵੱਖ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਤੇ ਸਕੂਲ ਸਟਾਫ਼ ਨੂੰ ਆਫ਼ਤ ਦੌਰਾਨ ਅਤੇ ਬਾਅਦ ਵਿੱਚ ਕੀਤੀ ਜਾਣ ਵਾਲੀ ਕਾਰਵਾਈ, ਭੂਚਾਲ ਦੌਰਾਨ ਸੁਰੱਖਿਆ ਦੇ ਉਪਾਵਾਂ, ਸੱਟ ਲੱਗਣ 'ਤੇ ਮੁੱਢਲੀ ਸਹਾਇਤਾ, ਖ਼ੂਨ ਵਹਿਣ ਨੂੰ ਕੰਟਰੋਲ ਕਰਨਾ, ਸਪਿਲੰਟਿੰਗ, ਸੀ.ਪੀ.ਆਰ.,ਐਫ.ਬੀ.ਏ.ਓ., ਪੀੜਤਾਂ ਨੂੰ ਚੁੱਕਣ ਤੇ ਸੁਰੱਖਿਅਤ ਥਾਂ ਲਿਜਾਣ, ਇੰਪਰੋਵਾਈਜ਼ਡ ਸਟਰੈਚਰ ਬਣਾਉਣ, ਇੰਪਰੋਵਾਈਜ਼ਡ ਫਲੋਟਿੰਗ ਡਿਵਾਈਸ ਬਣਾਉਣ, ਅੱਗ ਲੱਗਣ ਦੇ ਹਾਲਾਤ ਵਿੱਚ ਸੁਰੱਖਿਆ ਉਪਾਅ ਅਤੇ ਅੱਗ ਬੁਝਾਉਣ ਵਾਲੇ ਯੰਤਰਾਂ ਦੀ ਵਰਤੋਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

# ਨਵੀਆਂ ਵਿਕਸਿਤ ਹੋ ਰਹੀਆਂ ਅਣ ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ



ਅੰਮਿਤਸਰ(ਲੋਕ ਬਾਣੀ)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ,ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ, ਪੀ.ਸੀ. ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਡਿਊਟੀ ਮੈਜਿਸਟ੍ਰੇਟ ਸ਼੍ਰੀ ਜਗਬੀਰ ਸਿੰਘ, ਉੱਪ-ਮੰਡਲ ਇੰਜੀਨੀਅਰ (ਜਸ),ਏਡੀਏ, ਅੰਮ੍ਰਿਤਸਰ ਅਤੇ ਥਾਣਾ ਘਰਿੰਡਾ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਛੇਹਰਟਾ ਸਾਹਿਬ ਤੋਂ ਗੁਰੂਦੁਆਰਾ ਸੰਨ ਸਾਹਿਬ ਰੋਡ ਤੇ ਪਿੰਡ ਬਾਸਰਕੇ ਗਿੱਲਾਂ ਉੱਪਰ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਰੈਗੁਲੇਟਰੀ ਵਿੰਗ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਬਾਸਰਕੇ ਗਿੱਲਾਂ ਵਿਖੇ ਵਿਕਸਿਤ ਕੀਤੀ ਜਾ ਰਹੀਆਂ ਨਵੀਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਵਿਭਾਗ ਵੱਲੋਂ ਹੁਣ ਤੱਕ ਕੁੱਲ 15 ਅਣ-ਅਧਿਕਾਰਿਤ ਕਲੋਨੀ ਕੱਟਣ ਵਾਲੇ ਕਲੋਨਾਈਜਰਾਂ ਅਤੇ ਅਣ-ਅਧਿਕਾਰਿਤ ਉਸਾਰੀ ਕਰਨ ਵਾਲੇ ਉਸਾਰੀਕਰਤਾਵਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।

ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋ ਇਲਾਵਾ ਉਹਨਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

# ਲਾਪਰਵਾਹੀ ਕਰਨ ਵਾਲੇ ਕਰਮਚਾਰੀਆਂ ਤੇ ਸਖ਼ਤੀ ਨਾਲ ਹੋਵੇਗੀ ਕਾਰਵਾਈ -ਸਿਵਲ ਸਰਜਨ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੀਆਂ ਹਦਾਇਤਾ ਅਨੂਸਾਰ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵਲੋਂ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਓਣ ਲਈ ਅਰਬਨ ਪ੍ਰਾਈਮਰੀ ਹੈਲਥ ਸੈਂਟਰ ਢਾਬ ਖਟੀਕਾਂ ਵਿਖੇ ਸਪੈਸ਼ਲ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਣ ਉਹਨਾਂ ਵਲੋ ਸਟਾਫ ਦੀ ਹਾਜ਼ਰੀ ਦੇ ਨਾਲ ਨਾਲ ਓ.ਪੀ. ਡੀ.,ਵਾਰਡ,ਡੈਂਟਲ ਵਿਭਾਗ,ਲੇਬਰ ਰੂਮ,ਲੈਬ,ਦਵਾਈਆਂ ਦਾ ਸਟਾਕ ਅਤੇ ਐਮ. ਸੀ.ਐਚ.ਵਿਭਾਗ ਵਿਚ ਜਾ ਕੇ ਜਾਂਚ ਕੀਤੀ ਅਤੇ ਵਾਰਡ ਵਿਚ ਦਾਖਿਲ ਮਰੀਜਾਂ ਪਾਸੋਂ ਮੁਫਤ ਦਵਾਈਆਂ, ਲੈਬ ਟੈਸਟ ਦੀਆਂ ਸਹੂਲਤਾਂ ਸੰਬਧੀ ਪੁਛ-ਪੜਤਾਲ ਕੀਤੀ ਗਈ। ਇਸਤੋਂ ਇਲਾਵਾ ਸਟਾਫ ਦੀ ਹਾਜਰੀ ਬਾਰੇ ਬੜੇ ਵਿਸਥਾਰ ਵਾਲ ਜਾਂਚ ਕੀਤੀ। ਜਿਸ ਦੌਰਾਣ ਡਿਊਟੀ ਦੌਰਾਨ ਵਿੱਚ ਕੁਤਾਹੀ ਵਰਤਣ ਵਾਲੇ ਕਰਮਚਾਰੀਆਂ ਨੂੰ ਸਖਤ ਤਾੜਨਾਂ ਕੀਤੀ ਅਤੇ ਕਿਹਾ ਕਿ ਅਣਗਹਿਲੀ ਕਰਨ ਵਾਲੇ ਕਰਮਚਾਰੀਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਵੱਲੋਂ ਸਮੂਹ ਸਟਾਫ ਅਤੇ ਡਾਕਟਰਾਂ ਨੂੰ ਹਦਾਇਤ ਕੀਤੀ ਸਮੇਂ ਦੇ ਪਾਬੰਦ ਰਹਿਆ ਜਾਵੇ ਅਤੇ ਸੇਵਾ ਭਾਵਨਾਂ ਨਾਲ ਕੰਮ ਕੀਤਾ ਜਾਵੇ। ਇਸ ਮੌਕੇ ਤੇ ਜਿਲਾ ਟੀਕਾਕਰਨ ਅਫਸਰ ਡਾ.ਭਾਰਤੀ ਧਵਨ, ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।